PAIGAM-E-JAGAT

ਪੈ.ਗਾਮ-ਏ-ਜਗਤ

ਸਿੱਖਿਆ ਸਮਾਜਿਕ ਬੁਰਾਈਆਂ ਨਾਲ ਲੜਨ ਦਾ ਇੱਕ ਸ਼ਕਤੀਸ਼ਾਲੀ ਹਥਿਆਰ ਹੈ।
-ਡਾ. ਭੀਮਰਾਓ ਅੰਬੇਡਕਰ

Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 21 ਨਵੰਬਰ 2026, ਸਾਲ-4, ਅੰਕ-16, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਕੈਨੇਡਾ ਦੇ 25 ਮੋਸਟ ਵਾਂਟੇਡ ਦੀ ਸੂਚੀ ’ਚ ਗੋਲਡੀ ਬਰਾੜ ਪਹਿਲੇ ਨੰਬਰ ’ਤੇ



ਵਿਨੀਪੈੱਗ, 20 ਨਵੰਬਰ (ਪੈ.ਗਾਮ-ਏ-ਜਗਤ)

ਕੈਨੇਡਾ ਦੇ 25 ਸਭ ਤੋਂ ਵੱਧ ਲੋੜੀਂਦੇ ਭਗੌੜਿਆਂ ਦੀ ਨਵੀਂ ਸੂਚੀ ਵਿੱਚ ਗੈਂਗਸਟਰ ਲਾਰੈਂਸ ਬਿਸ਼ਨੋਈ ਗਰੋਹ ਨਾਲ ਸਬੰਧਿਤ ਗੋਲਡੀ ਬਰਾੜ ਪਹਿਲੇ ਨੰਬਰ ’ਤੇ ਹੈ। ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਵਿਨੀਪੈੱਗ ਵਿੱਚ 2023 ਦੌਰਾਨ ਹੋਏ ਕਤਲ ਦੇ ਮਾਮਲੇ ਵਿੱਚ ਪੁਲੀਸ ਨੂੰ ਲੋੜੀਂਦਾ ਹੈ। ਉਸ ਦੀ ਗ੍ਰਿਫ਼ਤਾਰੀ ਵਿੱਚ ਮਦਦਗਾਰ ਜਾਣਕਾਰੀ ਦੇਣ ਵਾਲੇ ਨੂੰ 2.5 ਲੱਖ ਕੈਨੇਡੀਅਨ ਡਾਲਰ ਦਾ ਇਨਾਮ ਦਿੱਤਾ ਜਾਵੇਗਾ।

ਬੋਲੋ ਪ੍ਰੋਗਰਾਮ ਵੱਲੋਂ ਜਾਰੀ ਕੀਤੀ ਗਈ ਇਸ ਸੂਚੀ ਵਿੱਚ ਦੇਸ਼ ਭਰ ਦੇ ਲੋੜੀਂਦੇ ਮੁਲਜ਼ਮ ਸ਼ਾਮਲ ਹਨ। ਇਸ ਵਾਰ ਲੋਕਾਂ ਨੂੰ ਇਨ੍ਹਾਂ ਦੀ ਪਛਾਣ ਕਰਵਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਮਦਦ ਨਾਲ ਤਿਆਰ ਕੀਤੇ ਗਏ ਮਨੁੱਖੀ ਚਿਹਰਿਆਂ ਵਰਗੇ ਡਿਜੀਟਲ ਮਾਡਲ ਅਤੇ ਵੀਡੀਓ ਵੀ ਜਾਰੀ ਕੀਤੇ ਗਏ ਹਨ।

ਵਿਨੀਪੈੱਗ ਪੁਲੀਸ ਅਨੁਸਾਰ 20 ਸਤੰਬਰ 2023 ਨੂੰ ਸ਼ਹਿਰ ਦੇ ਕੈਸਲਬਰੀ ਮੀਡੋਜ਼ ਇਲਾਕੇ ਵਿੱਚ ਗੋਲੀਬਾਰੀ ਦੌਰਾਨ 39 ਸਾਲਾ ਸੁਖਦੂਲ ਸਿੰਘ ਗਿੱਲ ਦੀ ਮੌਤ ਹੋ ਗਈ ਸੀ। ਇਸ ਮਾਮਲੇ ਦੀ ਜਾਂਚ ਲਈ ਪੁਲੀਸ ਨੇ ‘ਪ੍ਰੋਜੈਕਟ ਕ੍ਰੇਟ’ ਸ਼ੁਰੂ ਕੀਤਾ ਸੀ। ਜਾਂਚ ਮਗਰੋਂ ਗੋਲਡੀ ਬਰਾੜ ਅਤੇ ਉਸ ਦੇ ਕਥਿਤ ਸਾਥੀ 26 ਸਾਲਾ ਕਰਨਬੀਰ ਸਿੰਘ ਖ਼ਿਲਾਫ਼ ਪਹਿਲੇ ਦਰਜੇ ਦੇ ਕਤਲ ਅਤੇ ਕਤਲ ਦੀ ਸਾਜ਼ਿਸ਼ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਗਏ। ਦੋਵੇਂ ਅਜੇ ਫ਼ਰਾਰ ਹਨ। ਵਿਨੀਪੈੱਗ ਪੁਲੀਸ ਦੇ ਡਿਪਟੀ ਚੀਫ਼ ਕੈਮ ਮੈਕਕਿਡ ਨੇ ਗੋਲਡੀ ਬਰਾੜ ਨੂੰ ਬੇਹੱਦ ਖ਼ਤਰਨਾਕ ਵਿਅਕਤੀ ਦੱਸਦਿਆਂ ਕਿਹਾ ਕਿ ਉਸ ਨਾਲ ਜੁੜੇ ਕਥਿਤ ਅਪਰਾਧਾਂ ਦਾ ਪ੍ਰਭਾਵ ਇੱਕ ਸ਼ਹਿਰ ਜਾਂ ਦੇਸ਼ ਤੱਕ ਸੀਮਤ ਨਹੀਂ ਹੈ। ਉਨ੍ਹਾਂ ਲੋਕਾਂ ਨੂੰ ਚੌਕਸ (ਬਾਕੀ ਸਫ਼ਾ 2 ’ਤੇ)

ਵਿਨੀਪੈੱਗ ਕਤਲ ਮਾਮਲੇ ’ਚ ਲੋੜੀਂਦੇ ਗੋਲਡੀ ਬਰਾੜ ਦੀ ਗ੍ਰਿਫ਼ਤਾਰੀ ਲਈ 2.5 ਲੱਖ ਡਾਲਰ ਦਾ ਇਨਾਮ

45 ਹਜ਼ਾਰ ਡਾਲਰ ਦੀ ਧੋਖਾਧੜੀ ਮਾਮਲੇ ’ਚ ਪੰਜਾਬੀ ਮੂਲ ਦੇ ਵਿਅਕਤੀ ਸਮੇਤ ਔਰਤ ਨੂੰ ਸਜ਼ਾ

ਚੰਡੀਗੜ੍ਹ, (ਪੈ.ਗਾਮ-ਏ-ਜਗਤ)

ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਵਿੱਚ ਕਈ ਕੈਸੀਨੋ ਵਿਖੇ ਦੋ ਹਫ਼ਤਿਆਂ ਦੇ ਅਰਸੇ ਦੌਰਾਨ ਲਗਪਗ 45,000 ਡਾਲਰ ਦੇ ਧੋਖਾਧੜੀ ਵਾਲੇ ਲੈਣ-ਦੇਣ ਵਿੱਚ ਸ਼ਾਮਲ ਹੋਣ ਕਾਰਨ ਪੰਜਾਬੀ ਮੂਲ ਦੇ ਇੱਕ ਵਿਅਕਤੀ ਅਤੇ ਇੱਕ ਔਰਤ ਨੂੰ ਸਜ਼ਾ ਸੁਣਾਈ ਗਈ ਹੈ। ਮੁਲਜ਼ਮਾਂ ਦੀ ਪਛਾਣ 50 ਸਾਲਾ ਯੂ.ਜੂ. (ਜੈਸਿਕਾ) ਲੂ ਅਤੇ 39 ਸਾਲਾ ਇੰਦਰਜੀਤ ਸਿੰਘ ਵਜੋਂ ਹੋਈ ਹੈ।

ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਕੰਬਾਈਂਡ ਫੋਰਸਿਜ਼ ਸਪੈਸ਼ਲ ਐਨਫੋਰਸਮੈਂਟ ਯੂਨਿਟ ਆਫ਼ ਬ੍ਰਿਟਿਸ਼ ਕੋਲੰਬੀਆ, ਇਸ ਦੀ ਜੁਆਇੰਟ ਇਲੀਗਲ ਗੇਮਿੰਗ ਇਨਵੈਸਟੀਗੇਸ਼ਨ ਟੀਮ ਅਤੇ ਇੰਡੀਪੈਂਡੈਂਟ ਗੈਂਬਲਿੰਗ ਕੰਟਰੋਲ ਆਫਿਸ ਵੱਲੋਂ ਬ੍ਰਿਟਿਸ਼ ਕੋਲੰਬੀਆ ਲਾਟਰੀ ਕਾਰਪੋਰੇਸ਼ਨ ਦੇ ਸਹਿਯੋਗ ਨਾਲ ਕੀਤੀ ਗਈ ਸਾਂਝੀ ਜਾਂਚ ਤੋਂ ਬਾਅਦ ਦੋਵਾਂ ਨੂੰ ਜੁਲਾਈ 2025 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਇਹ ਜਾਂਚ ਅਪਰੈਲ 2025 ਵਿੱਚ ਉਦੋਂ ਸ਼ੁਰੂ ਕੀਤੀ ਗਈ ਸੀ ਜਦੋਂ ਅਧਿਕਾਰੀਆਂ ਨੂੰ ਕਈ ਕੈਸੀਨੋ ਟਿਕਾਣਿਆਂ ’ਤੇ ਸ਼ੱਕੀ ਲੈਣ-ਦੇਣ ਦੀਆਂ ਰਿਪੋਰਟਾਂ ਮਿਲੀਆਂ ਸਨ। ਜਾਂਚਕਰਤਾਵਾਂ ਨੇ ਪਾਇਆ ਕਿ ਮਾਰਚ ਦੇ ਅੱਧ ਅਤੇ ਅਪਰੈਲ 2025 ਦੇ ਸ਼ੁਰੂ ਵਿੱਚ ਧੋਖਾਧੜੀ ਨਾਲ ਲਗਭਗ 45,000 ਡਾਲਰ ਹਾਸਲ ਕੀਤੇ ਗਏ ਸਨ।

2 ਸਤੰਬਰ, 2026 ਨੂੰ ਲੂ ਨਿਊ ਵੈਸਟਮਿੰਸਟਰ ਪ੍ਰੋਵਿੰਸ਼ੀਅਲ ਕੋਰਟ ਵਿੱਚ ਪੇਸ਼ ਹੋਈ ਅਤੇ 5,000 ਡਾਲਰ ਤੋਂ ਵੱਧ ਦੀ ਧੋਖਾਧੜੀ ਦਾ ਦੋਸ਼ ਕਬੂਲ ਕਰ ਲਿਆ। ਉਸ ਨੂੰ 12 ਮਹੀਨਿਆਂ ਦੀ ਸ਼ਰਤੀਆ ਸਜ਼ਾ (ਕੰਡੀਸ਼ਨਲ ਸੈਂਟੈਂਸ ਆਰਡਰ) ਸੁਣਾਈ ਗਈ, ਜੋ ਕਿ ਭਾਈਚਾਰੇ ਵਿੱਚ ਰਹਿ ਕੇ ਕੱਟੀ ਜਾਣ ਵਾਲੀ ਹਿਰਾਸਤੀ ਸਜ਼ਾ ਦਾ ਇੱਕ ਰੂਪ ਹੈ।

- **ਇੰਦਰਜੀਤ ਸਿੰਘ ਨੇ 5,000 ਡਾਲਰ ਤੋਂ ਘੱਟ ਦੀ ਚੋਰੀ ਦੇ ਘੱਟ ਗੰਭੀਰ ਅਪਰਾਧ ਦਾ ਦੋਸ਼ ਕਬੂਲ ਕੀਤਾ**

ਬਰੈਂਪਟਨ ’ਚ ਟਰੈਕਟਰ-ਟਰੇਲਰ ਚੋਰੀ ਮਾਮਲੇ ਵਿਚ ਪੰਜਾਬੀ ਮੂਲ ਦੇ ਚਾਰ ਜਣੇ ਗ੍ਰਿਫ਼ਤਾਰ; ਦੋ ਫਰਾਰ

36 ਲੱਖ ਡਾਲਰ ਦੀ ਚੋਰੀ ਦੇ ਮਾਮਲੇ ਵਿਚ ਕੀਤੀ ਕਾਰਵਾਈ, 17 ਟਰੈਕਟਰ ਅਤੇ 20 ਟਰੇਲਰ ਬਰਾਮਦ, ਵਾਹਨਾਂ ਦੇ ਪਛਾਣ ਨੰਬਰਾਂ ਨਾਲ ਕੀਤੀ ਜਾਂਦੀ ਸੀ ਛੇੜਛਾੜ

ਵਿੰਨੀਪੈੱਗ, (ਪੈ.ਗਾਮ-ਏ-ਜਗਤ)

ਗਰੇਟਰ ਟੋਰਾਂਟੋ ਇਲਾਕੇ ਵਿੱਚ ਟਰੈਕਟਰਾਂ, ਟਰੇਲਰਾਂ ਅਤੇ ਹੋਰ ਭਾਰੀ ਵਪਾਰਕ ਵਾਹਨਾਂ ਦੀ ਚੋਰੀ ਕਰਨ ਅਤੇ ਉਨ੍ਹਾਂ ਨੂੰ ਗ਼ੈਰਕਨੂੰਨੀ ਢੰਗ ਨਾਲ ਟਰਾਂਸਪੋਰਟ ਕਾਰੋਬਾਰ ਵਿੱਚ ਵਰਤਣ ਵਾਲੇ ਕਥਿਤ ਗਰੋਹ ਦਾ ਯਾਰਕ ਰਿਜਨਲ ਪੁਲੀਸ ਨੇ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਇਸ ਮਾਮਲੇ ਵਿੱਚ ਬਰੈਂਪਟਨ ਦੇ ਚਾਰ ਪੰਜਾਬੀ ਮੂਲ ਦੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼?ਲਾਫ਼ ਵੱਖ-ਵੱਖ ਦੋਸ਼ ਆਇਦ ਕੀਤੇ ਹਨ, ਜਦਕਿ ਦੋ ਹੋਰ ਸ਼ੱਕੀਆਂ ਦੀ ਭਾਲ ਜਾਰੀ ਹੈ। ਪੁਲੀਸ ਵੱਲੋਂ ਬਰਾਮਦ ਕੀਤੇ ਗਏ 37 ਵਾਹਨਾਂ ਦੀ ਅੰਦਾਜ਼ਨ ਕੀਮਤ 36 ਲੱਖ ਡਾਲਰ ਹੈ। ਪੁਲੀਸ ਅਨੁਸਾਰ ਆਟੋ ਕਾਰਗੋ ਥੈਫਟ ਯੂਨਿਟ ਨੇ ਅਗਸਤ 2026 ਵਿੱਚ ‘ਪ੍ਰੋਜੈਕਟ ਨੈਸ਼ਵਿਲ’ ਦੇ ਨਾਂ ਹੇਠ ਜਾਂਚ ਸ਼ੁਰੂ ਕੀਤੀ ਸੀ। ਜਾਂਚ ਦਾ ਕੇਂਦਰ ਸੈਮੀ-ਟਰੈਕਟਰਾਂ ਅਤੇ 53 ਫੁੱਟ ਲੰਬੇ ਟਰੇਲਰਾਂ ਦੀ ਚੋਰੀ ਅਤੇ ਉਨ੍ਹਾਂ ਨੂੰ ਵੱਖ-ਵੱਖ ਟਰਾਂਸਪੋਰਟ ਕੰਪਨੀਆਂ ਸਹੀਂ ਵਰਤੋਂ ਵਿੱਚ ਲਿਆਉਣ ਵਾਲੇ ਨੈੱਟਵਰਕ ਦੀ ਪਛਾਣ ਕਰਨਾ ਸੀ। ਜਾਂਚ ਅਧਿਕਾਰੀਆਂ ਨੇ ਇਸ ਨੈੱਟਵਰਕ ਨਾਲ ਕਥਿਤ ਤੌਰ ’ਤੇ ਜੁੜੇ ਛੇ ਵਿਅਕਤੀਆਂ ਦੀ ਪਛਾਣ ਕੀਤੀ। ਪੁਲੀਸ ਦਾ ਦਾਅਵਾ ਹੈ ਕਿ ਚੋਰੀ ਕੀਤੇ ਵਾਹਨਾਂ ਨੂੰ ਕਾਨੂੰਨੀ ਦਿਖਾਉਣ ਲਈ ਉਨ੍ਹਾਂ ਦੇ ਵਾਹਨ ਪਛਾਣ ਨੰਬਰਾਂ (ਵੀ.ਆਈ.ਐੱਨ.) ਨਾਲ ਛੇੜਛਾੜ ਕੀਤੀ ਜਾਂਦੀ ਸੀ, ਤਾਂ ਜੋ ਜਾਂਚ ਏਜੰਸੀਆਂ ਦੀ (ਬਾਕੀ ਸਫ਼ਾ 2 ’ਤੇ)



ਪੀ.ਐਸ.ਈ.ਬੀ. ਵੱਲੋਂ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਸਾਲ 2027 ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ



ਮੋਹਾਲੀ, 20 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੈਕਟੀਕਲ ਅਤੇ ਲਿਖਤੀ ਪ੍ਰੀਖਿਆਵਾਂ ਦੀਆਂ ਮਿਤੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। 2027 ’ਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ਨੂੰ ਧਿਆਨ ’ਚ ਰੱਖਦਿਆਂ ਪ੍ਰੀਖਿਆਵਾਂ ਦਾ ਸ਼ਡਿਊਲ ਤਿਆਰ ਕੀਤਾ ਗਿਆ ਹੈ, ਤਾਂ ਜੋ ਚੋਣਾਂ ਨਾਲ ਸਬੰਧਤ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਡਿਊਟੀਆਂ ਕਾਰਨ ਬੋਰਡ ਦੀਆਂ ਪ੍ਰੀਖਿਆਵਾਂ ਦੇ ਸੁਚਾਰੂ ਸੰਚਾਲਨ ’ਚ ਕੋਈ ਵਿਘਨ ਨਾ ਪਵੇ ਅਤੇ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੈਕਟੀਕਲ ਪ੍ਰੀਖਿਆਵਾਂ ਮਿਤੀ 8 ਜਨਵਰੀ ਤੋਂ 20 ਜਨਵਰੀ 2027 ਤੱਕ ਕਰਵਾਈਆਂ ਜਾਣਗੀਆਂ ਅਤੇ ਲਿਖਤੀ ਪ੍ਰੀਖਿਆਵਾਂ ਅੱਠਵੀਂ ਅਤੇ ਬਾਰ੍ਹਵੀਂ ਜਮਾਤ ਲਈ 05 ਮਾਰਚ, 2027 ਤੋਂ ਅਤੇ ਦਸਵੀਂ ਜਮਾਤ ਲਈ 19 ਮਾਰਚ, 2027 ਤੋਂ ਸ਼ੁਰੂ ਹੋਣਗੀਆਂ।

ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਲਿਖਤੀ ਪ੍ਰੀਖਿਆਵਾਂ ਦੇ ਸ਼ਡਿਊਲ ’ਚ ਓਪਨ ਸਕੂਲ ਦੀਆਂ ਪ੍ਰੀਖਿਆਵਾਂ ਵੀ ਸ਼ਾਮਲ ਹਨ। ਡੇਟਸ਼ੀਟ ਬੋਰਡ ਵੱਲੋਂ ਵੱਖਰੇ ਤੌਰ ’ਤੇ ਜਾਰੀ ਕੀਤੀ ਜਾਵੇਗੀ, ਜੋ ਬੋਰਡ ਦੀ ਅਧਿਕਾਰਤ ਵੈੱਬਸਾਈਟ www.pseb.ac.in ’ਤੇ ਉਪਲੱਬਧ ਹੋਵੇਗੀ। ਇਸ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਪ੍ਰੀਖਿਆਵਾਂ ’ਚ ਸ਼ਾਮਲ ਹੋਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ (ਬਾਕੀ ਸਫ਼ਾ 2 ’ਤੇ)

ਐਸ.ਸੀ.ਓ. ਸੱਭਿਅਤਾ ਸੰਵਾਦ ਮੰਚ ’ਤੇ ਬੋਲੇ ਪੀ.ਐਮ. ਮੋਦੀ

‘ਵਿਸ਼ਵ ਸ਼ਾਂਤੀ ਦੀ ਸਭ ਤੋਂ ਵੱਡੀ ਗਾਰੰਟੀ ਹੈ ਸਭਿਆਚਾਰਕ ਸਾਂਝ’

ਨਵੀਂ ਦਿੱਲੀ, 20 ਨਵੰਬਰ (ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਸ.ਸੀ.ਓ. ਸਿਖਰ ਸੰਮੇਲਨ ਵਿੱਚ ਕਿਹਾ ਕਿ ਭਾਰਤ ਆਏ ਸਾਰੇ ਮਹਿਮਾਨਾਂ ਦਾ ਮੈਂ ਸਵਾਗਤ ਕਰਦਾ ਹਾਂ ਅਤੇ ਉਨ੍ਹਾਂ ਨੂੰ ਵਧਾਈ ਦਿੰਦਾ ਹਾਂ। ਪੀਐੱਮ ਮੋਦੀ ਨੇ ਕਿਹਾ, ”ਅਜਿਹੇ ਸਮੇਂ ਵਿੱਚ ਜਦੋਂ ਦੁਨੀਆ ਵਿੱਚ ਜੰਗ ਅਤੇ ਅਸ਼ਾਂਤੀ ਦੀਆਂ ਚਰਚਾਵਾਂ ਹਾਵੀ ਹਨ, ਅਸੀਂ ਭਾਰਤ ਵਿੱਚ ਸਭਿਅਤਾਵਾਂ ਵਿਚਾਲੇ ਸੰਵਾਦ ਅਤੇ ਸੰਪਰਕ ਬਾਰੇ ਚਰਚਾ ਕਰ ਰਹੇ ਹਾਂ।” ਪ੍ਰਧਾਨ ਮੰਤਰੀ ਨੇ ਦੱਸਿਆ, ”ਇਹ ਪਹਿਲਾ ਐਸ.ਸੀ.ਓ. ਸਭਿਅਤਾ ਸੰਵਾਦ ਮੰਚ ਹੈ। ਇਹ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਸੱਭਿਆਚਾਰਕ ਸਬੰਧ ਵਿਸ਼ਵ ਸ਼ਾਂਤੀ ਦੀ ਸਭ ਤੋਂ ਮਜ਼ਬੂਤ ਗਾਰੰਟੀ ਹਨ। ਇਸ ਨਾਲ ਇਸ ਸਮਾਗਮ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ।”

- **‘ਦੁਨੀਆ ਜੰਗ ਦੀ ਗੱਲ ਕਰ ਰਹੀ ਹੈ, ਭਾਰਤ ਆਪਣੀ ਸੰਸਕ੍ਰਿਤੀ ਅਤੇ ਰਿਸ਼ਤਿਆਂ ਦੀ ਗੱਲ ਕਰ ਰਿਹਾ ਹੈ’ : ਪ੍ਰਧਾਨ ਮੰਤਰੀ ਮੋਦੀ**



ਪੀਐੱਮ ਮੋਦੀ ਨੇ ਭਰੋਸਾ ਜਤਾਉਂਦਿਆਂ ਕਿਹਾ, ”ਮੈਨੂੰ ਵਿਸ਼ਵਾਸ ਹੈ ਕਿ ਇਹ ਮੰਚ ਨਵੇਂ ਵਿਚਾਰਾਂ ਨੂੰ ਉਤਸ਼ਾਹਿਤ ਕਰੇਗਾ ਅਤੇ ਸੱਭਿਆਚਾਰਕ ਸਹਿਯੋਗ ਲਈ ਨਵੇਂ ਮੌਕੇ ਪੈਦਾ ਕਰੇਗਾ। ਸਾਡੇ ਸਾਂਝੇ ਸਭਿਅਤਾਗਤ ਤਜਰਬੇ ਦੁਨੀਆ ਨੂੰ ਇੱਕ-ਦੂਜੇ ਦੇ ਹੋਰ ਨੇੜੇ ਲਿਆਉਣ ਵਿੱਚ ਵੀ ਅਹਿਮ ਭੂਮਿਕਾ ਨਿਭਾ ਸਕਦੇ ਹਨ।”

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ”ਅਸੀਂ ਇਸ ਸਮੇਂ ਦਿੱਲੀ ਦੇ ਪੁਰਾਣੇ ਕਿਲੇ ਵਿੱਚ ਹਾਂ। ਇਹ ਇਤਿਹਾਸਕ ਕਿਲਾ ਭਾਰਤ ਦੀ ਸੱਭਿਆਚਾਰਕ ਵਿਰਾਸਤ ਦਾ ਇੱਕ ਅਸਾਧਾਰਨ ਹਿੱਸਾ ਹੈ। ਇਸ ਦਾ ਇਤਿਹਾਸ ਵੀ ਓਨਾ ਹੀ ਦਿਲਚਸਪ ਹੈ, ਜਿੰਨੀਆਂ ਇਸ ਨਾਲ ਜੁੜੀਆਂ ਕਹਾਣੀਆਂ ਹਨ। ਤੁਸੀਂ ਸ਼ਾਇਦ ਇਨ੍ਹਾਂ ਬਾਰੇ ਸੁਣਿਆ ਜਾਂ ਪੜ੍ਹਿ ਆ ਹੋਵੇਗਾ।”

ਪੀਐੱਮ ਨੇ ਕਿਹਾ, ”ਇਸ ਪ੍ਰਾਚੀਨ ਸਥਾਨ ’ਤੇ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ, ਵੈਦਿਕ ਮੰਤਰਾਂ ਦਾ ਜੋਸ਼ੀਲਾ ਉਚਾਰਨ, ਬੋਧੀ ਦਰਸ਼ਨ ਬਾਰੇ ਪੇਸ਼ਕਾਰੀਆਂ ਅਤੇ ਭਗਵਾਨ ਹਨੂੰਮਾਨ ਦੀ ਯਾਤਰਾ ਦਾ ਚਿਤਰਣ—ਇਨ੍ਹਾਂ (ਬਾਕੀ ਸਫ਼ਾ 2 ’ਤੇ)

ਸੋਨੇ ਦੀਆਂ ਕੀਮਤਾਂ ਲਗਾਤਾਰ 5ਵੇਂ ਦਿਨ ਡਿੱਗੀਆਂ, ਚਾਂਦੀ 9683 ਰੁਪਏ ਟੁੱਟੀ



ਮੁੰਬਈ, (ਪੈ.ਗਾਮ-ਏ-ਜਗਤ)

ਅਮਰੀਕੀ ਮੁਦਰਾ ਨੀਤੀ ਦੇ ਸਖ਼ਤ ਹੋਣ ਅਤੇ ਡਾਲਰ ਦੇ ਮਜ਼ਬੂਤ ਹੋਣ ਦਾ ਪ੍ਰਭਾਵ ਕੀਮਤੀ ਧਾਤਾਂ ’ਤੇ ਸਪੱਸ਼ਟ ਤੌਰ ’ਤੇ ਦਿਖਾਈ ਦੇ ਰਿਹਾ ਹੈ। ਸ਼ੁੱਕਰਵਾਰ ਨੂੰ ਫਿਊਚਰਜ਼ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਗਿਰਾਵਟ ਆਈ। ਮਲਟੀ ਕਮੋਡਿਟੀ ਐਕਸਚੇਂਜ ’ਤੇ ਸ਼ੁਰੂਆਤੀ ਕਾਰੋਬਾਰ ਵਿੱਚ ਸੋਨਾ 5,353 ਦੀ ਗਿਰਾਵਟ ਲੈ ਕੇ ਡਿੱਗਿਆ, ਜਦੋਂ ਕਿ ਚਾਂਦੀ ਦੀਆਂ ਕੀਮਤਾਂ ’ਚ ਲਗਭਗ 10,000 ਰੁਪਏ ਦੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਸੋਨਾ ਲਗਭਗ 4% ਅਤੇ ਚਾਂਦੀ 6% ਤੋਂ ਵੱਧ ਡਿੱਗ ਗਈ ਹੈ।

4 ਦਸੰਬਰ ਲਈ MCX ’ਤੇ ਡਿਲੀਵਰੀ ਲਈ ਸੋਨਾ ਪਿਛਲੇ ਵਪਾਰਕ ਸੈਸ਼ਨ ਵਿੱਚ 1,27,452 ਰੁਪਏ ਪ੍ਰਤੀ 10 ਗ੍ਰਾਮ ’ਤੇ ਬੰਦ ਹੋਇਆ। ਸ਼ੁੱਕਰਵਾਰ ਨੂੰ, ਇਹ 1,23,629 ਰੁਪਏ ’ਤੇ ਖੁੱਲ੍ਹਿਆ। ਵਪਾਰ ਦੌਰਾਨ, ਸੋਨੇ ਦੀ ਕੀਮਤ 5,353 ਰੁਪਏ ਦੀ ਗਿਰਾਵਟ ਨਾਲ 1,22,099 ਰੁਪਏ ’ਤੇ ਪਹੁੰਚ ਗਈ। ਲਿਖਣ ਦੇ ਸਮੇਂ, ਸੋਨਾ 5,404 ਰੁਪਏ ਦੀ ਗਿਰਾਵਟ ਨਾਲ 1,22,048 ਰੁਪਏ ਪ੍ਰਤੀ 10 ਗ੍ਰਾਮ ’ਤੇ ਵਪਾਰ ਕਰ ਰਿਹਾ ਸੀ। ਸੋਨੇ ਦੀਆਂ ਕੀਮਤਾਂ ਲਗਾਤਾਰ ਪੰਜਵੇਂ (ਬਾਕੀ ਸਫ਼ਾ 2 ’ਤੇ)

ਬਕਸਰ ਵਿੱਚ ਹਾਦਸਾ

ਕਾਰ 20 ਫੁੱਟ ਦੂਰ ਜਾ ਡਿੱਗੀ ਅਤੇ ਖੇਤ ਵਿੱਚ ਪਲਟ ਗਈ; ਸੱਤ ਨੌਜਵਾਨਾਂ ਦੀ ਮੌਤ



ਗਾਜ਼ੀਪੁਰ, 20 ਨਵੰਬਰ (ਪੈ.ਗਾਮ-ਏ-ਜਗਤ)

ਵੀਰਵਾਰ ਦੇਰ ਸ਼ਾਮ ਬਿਹਾਰ ਦੇ ਬਕਸਰ ਜ਼ਿਲ੍ਹੇ ਦੇ ਰਾਜਪੁਰ ਥਾਣਾ ਖੇਤਰ ਅਧੀਨ ਚੌਸਾ-ਮੋਹਾਨੀਆ ਸੜਕ ’ਤੇ ਸੋਨਪਾ ਨੇੜੇ, ਇੱਕ ਕਾਰ (ਜਿਸ ਵਿੱਚ ਸਵਾਰ ਲੋਕ ਵਿਆਹ ਸਮਾਗਮ ਵਿੱਚ ਜਾ ਰਹੇ ਸਨ) ਅਤੇ ਇੱਕ ਮੋਟਰਸਾਈਕਲ ਵਿਚਕਾਰ ਹੋਈ ਭਿਆਨਕ ਟੱਕਰ ਵਿੱਚ ਸੱਤ ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਗਾਜ਼ੀਪੁਰ ਦੇ ਪੰਜ ਅਤੇ ਬਕਸਰ ਜ਼ਿਲ੍ਹੇ ਦੇ ਦੋ ਨੌਜਵਾਨ ਸ਼ਾਮਲ ਹਨ। ਭਟੌਰਾ ਪਿੰਡ ਵਿੱਚ ਸੋਗ ਦੀ ਲਹਿਰ ਹੈ, ਕਿਉਂਕਿ ਮ੍ਰਿਤਕਾਂ

- **ਡਰਾਈਵਰ ਲਾਪਤਾ; ਮ੍ਰਿਤਕਾਂ ਵਿੱਚੋਂ ਪੰਜ ਗਾਜ਼ੀਪੁਰ ਦੇ ਸਨ**

ਵਿੱਚੋਂ ਚਾਰ ਇਸੇ

ਮੁੱਖ ਮੰਤਰੀ ਭਗਵੰਤ ਮਾਨ ਦਾ ਸਪੱਸ਼ਟ ਸੰਦੇਸ਼- ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣਾ ਹੈ: ਮੇਅਰ ਸਰਬਜੀਤ ਸਿੰਘ ਸਮਾਣਾ

- ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਪਿੰਡ ਮਨਾਣਾ ਦੇ 166 ਅਤੇ ਗੋਬਿੰਦਗੜ੍ਹ ਦੇ 538 ਲਾਭਪਾਤਰੀਆਂ ਨੂੰ ਸੌਂਪੇ ਪ੍ਰਾਪਰਟੀ ਕਾਰਡ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 20 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕ ਪੱਖੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਲੋਕਾਂ ਨੂੰ ਉਨ੍ਹਾਂ ਦਾ ਲਾਭ ਪਹੁੰਚਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ 'ਮੇਰਾ ਘਰ ਮੇਰੇ ਨਾਮ' ਸਕੀਮ ਅਧੀਨ ਪਿੰਡ ਮਨਾਣਾ ਅਤੇ ਗੋਬਿੰਦਗੜ੍ਹ ਦੇ ਲਾਲ ਡੋਰੇ ਅੰਦਰਲੇ ਵਸਨੀਕਾਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕਾਂ ਸਬੰਧੀ ਪ੍ਰਾਪਰਟੀ ਕਾਰਡ ਸੌਂਪੇ ਗਏ। ਇਸ ਮੌਕੇ ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਪਿੰਡ ਮਨਾਣਾ ਵਿਖੇ 166 ਅਤੇ ਪਿੰਡ ਗੋਬਿੰਦਗੜ੍ਹ ਵਿਖੇ 538 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਸੌਂਪੇ। ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਇੱਥੇ ਹੀ ਸਮਾਪਤ ਨਹੀਂ ਹੋਵੇਗੀ, ਸਗੋਂ ਆਉਣ ਵਾਲੇ ਸਮੇਂ ਵਿੱਚ ਵੀ ਯੋਗ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਮਾਲਕੀ ਹੱਕ ਦਿੱਤੇ ਜਾਂਦੇ ਰਹਿਣਗੇ। ਮੇਅਰ ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਇਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਆਪਣੀਆਂ ਜਾਇਦਾਦਾਂ ਦੇ ਮਾਲਕੀ ਹੱਕ ਹਾਸਲ ਕਰਨ ਲਈ ਲੰਮਾ ਸਮਾਂ ਉਡੀਕ ਕਰਨੀ ਪਈ ਅਤੇ ਇਸ ਸਬੰਧੀ ਕਈ ਵਾਰ ਸਰਕਾਰੀ ਦਫ਼ਤਰਾਂ ਦੇ ਚੱਕਰ ਵੀ ਲਗਾਉਣੇ ਪਏ, ਪਰ ਪਿਛਲੀਆਂ ਸਰਕਾਰਾਂ ਵੱਲੋਂ ਉਨ੍ਹਾਂ ਦੀ ਇਸ ਮੰਗ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਦੀ ਇਸ ਸਮੱਸਿਆ ਨੂੰ ਸਮਝਦਿਆਂ ਉਨ੍ਹਾਂ ਨੂੰ ਮਾਲਕੀ ਹੱਕ ਦਿਵਾਉਣ ਦੀ ਪਹਿਲ ਕੀਤੀ ਹੈ ਅਤੇ ਹੁਣ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਨਾਲ ਸਬੰਧਤ ਪ੍ਰਾਪਰਟੀ ਕਾਰਡ ਸੌਂਪੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਪੱਸ਼ਟ ਸੰਦੇਸ਼ ਹੈ ਕਿ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣਾ ਹੈ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਸਰਕਾਰ ਲੋਕਾਂ ਦੀਆਂ ਲੋੜਾਂ ਅਤੇ ਉਮੀਦਾਂ ਅਨੁਸਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਨੂੰ ਸਮਝਿਆ ਜਾਂਦਾ ਹੈ ਅਤੇ ਉਸ ਅਨੁਸਾਰ ਯੋਜਨਾਵਾਂ ਬਣਾ ਕੇ ਉਨ੍ਹਾਂ ਨੂੰ ਸਮੇਂ ਸਿਰ ਲਾਗੂ ਕੀਤਾ ਜਾਂਦਾ ਹੈ। ਮੇਅਰ ਨੇ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਲੋਕਾਂ ਨੂੰ ਆਪਣੀ ਜਾਇਦਾਦ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ੀ ਸਬੂਤ ਮਿਲੇਗਾ। ਇਸ ਨਾਲ ਉਹ ਆਪਣੀਆਂ ਜਾਇਦਾਦਾਂ ਦੇ ਆਧਾਰ 'ਤੇ ਕਰਜ਼ਾ ਲੈਣ ਅਤੇ ਨਵੇਂ ਕਾਰੋਬਾਰ ਸ਼ੁਰੂ ਕਰਨ ਵਰਗੇ ਆਰਥਿਕ ਮੌਕਿਆਂ ਦਾ ਲਾਭ ਉਠਾ ਸਕਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਜ਼ਮੀਨਾਂ ਅਤੇ ਜਾਇਦਾਦਾਂ ਦੀ ਮਾਲਕੀ ਨੂੰ ਲੈ ਕੇ ਪੈਦਾ ਹੋਣ ਵਾਲੇ ਵਿਵਾਦਾਂ ਦੇ ਹੱਲ ਵਿੱਚ ਵੀ ਇਹ ਪ੍ਰਾਪਰਟੀ ਕਾਰਡ ਅਹਿਮ ਭੂਮਿਕਾ ਨਿਭਾਉਣਗੇ।

ਇਸ ਮੌਕੇ ਕੁਲਦੀਪ ਸਿੰਘ ਸਮਾਣਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਤਹਿਸੀਲਦਾਰ ਮਨਦੀਪ ਸਿੰਘ, ਪਟਵਾਰੀ ਦੌਲਤ ਰਾਮ, ਪਿੰਡ ਮਨਾਣਾ ਦੀ ਸਰਪੰਚ ਰਣਜੀਤ ਕੌਰ, ਮਨਪ੍ਰੀਤ ਸਿੰਘ ਮਨਾਣਾ, ਪਿੰਡ ਗੋਬਿੰਦਗੜ੍ਹ ਦੀ ਸਰਪੰਚ ਕਰਮਾ ਪੁਰੀ, ਜਗਜੀਤ ਸਿੰਘ ਜੱਗੀ, ਕੁਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਹਮੀਦ ਖਾਨ, ਨੇਹਾ ਬਜਾਜ, ਮਨਪ੍ਰੀਤ ਸਿੰਘ ਮਨੀ, ਅਮਰਜੀਤ ਸਿੰਘ ਸਿੱਧੂ ਅਤੇ ਜੈਲੀ ਗੋਬਿੰਦਗੜ੍ਹ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਫੇਫੜਿਆਂ ਦੇ ਕੈਂਸਰ ਸਬੰਧੀ ਜਾਗਰੂਕਤਾ ਮਹੀਨਾ

ਸਮੇਂ ਸਿਰ ਪਛਾਣ ਨਾਲ ਇਲਾਜ ਦੇ ਬਿਹਤਰ ਵਿਕਲਪ ਅਤੇ ਸਫਲ ਨਤੀਜਿਆਂ ਦੀਆਂ ਸੰਭਾਵਨਾਵਾਂ ਵਧਦੀਆਂ ਹਨ: ਮਾਹਿਰ

ਚੰਡੀਗੜ੍ਹ, (ਪੈ.ਗਾਮ-ਏ-ਜਗਤ)

ਫੇਫੜਿਆਂ ਦੇ ਕੈਂਸਰ ਸਬੰਧੀ ਜਾਗਰੂਕਤਾ ਮਹੀਨੇ ਦੇ ਮੌਕੇ 'ਤੇ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਡਾਕਟਰਾਂ ਨੇ ਫੇਫੜਿਆਂ ਦੇ ਕੈਂਸਰ, ਇਸ ਦੇ ਜੋਖਮ ਕਾਰਕਾਂ ਅਤੇ ਸਮੇਂ ਸਿਰ ਜਾਂਚ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਹਰ ਸਾਲ ਨਵੰਬਰ ਮਹੀਨੇ ਦੌਰਾਨ ਮਨਾਏ ਜਾਣ ਵਾਲੇ ਇਸ ਜਾਗਰੂਕਤਾ ਅਭਿਆਨ ਦਾ ਉਦੇਸ਼ ਲੋਕਾਂ ਨੂੰ ਇਸ ਬਿਮਾਰੀ ਬਾਰੇ ਵਧੇਰੇ ਜਾਣਕਾਰੀ ਦੇਣਾ ਹੈ, ਜੋ ਦੁਨੀਆ ਭਰ ਵਿੱਚ ਕੈਂਸਰ ਕਾਰਨ ਹੋਣ ਵਾਲੀਆਂ ਮੌਤਾਂ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਕ ਹੈ।

ਤੰਬਾਕੂ ਦਾ ਸੇਵਨ ਅਤੇ ਸਿਗਰਟਨੋਸ਼ੀ ਫੇਫੜਿਆਂ ਦੇ ਕੈਂਸਰ ਦੇ ਮੁੱਖ ਜੋਖਮ ਕਾਰਕਾਂ ਵਿੱਚ ਸ਼ਾਮਲ ਹਨ, ਪਰ ਇਹ ਬਿਮਾਰੀ ਉਨ੍ਹਾਂ ਲੋਕਾਂ ਨੂੰ ਵੀ ਹੋ ਸਕਦੀ ਹੈ, ਜਿਨ੍ਹਾਂ ਨੇ ਕਦੇ ਸਿਗਰਟਨੋਸ਼ੀ ਨਹੀਂ ਕੀਤੀ। ਲਗਾਤਾਰ ਖੰਘ ਰਹਿਣਾ, ਖੰਘ ਦੇ ਨਾਲ ਖੂਨ ਆਉਣਾ, ਬਿਨਾਂ ਕਿਸੇ ਸਪੱਸ਼ਟ ਕਾਰਨ ਦੇ ਭਾਰ ਘਟਣਾ, ਛਾਤੀ ਵਿੱਚ ਦਰਦ, ਸਾਹ ਲੈਣ ਵਿੱਚ ਤਕਲੀਫ਼ ਅਤੇ ਵਾਰ-ਵਾਰ ਸਾਹ ਸਬੰਧੀ ਇਨਫੈਕਸ਼ਨ ਹੋਣਾ ਇਸ ਦੇ ਆਮ ਚੇਤਾਵਨੀ ਸੰਕੇਤ ਹਨ। ਹਾਲਾਂਕਿ ਇਹ ਲੱਛਣ ਹੋਰ ਬਿਮਾਰੀਆਂ ਕਾਰਨ ਵੀ ਹੋ ਸਕਦੇ ਹਨ, ਪਰ ਲੰਬੇ ਸਮੇਂ ਤੱਕ ਬਣੇ ਰਹਿਣ ਵਾਲੇ ਜਾਂ ਗੰਭੀਰ ਹੁੰਦੇ ਲੱਛਣਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ ਅਤੇ ਸਮੇਂ ਸਿਰ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਪ੍ਰਿੰਸੀਪਲ ਕੰਸਲਟੈਂਟ - ਮੈਡੀਕਲ ਓਨਕੋਲੋਜੀ ਅਤੇ ਹੀਮੈਟੋ-ਓਨਕੋਲੋਜੀ, ਡਾ. ਕੇਤਨ ਡਾਂਗ ਨੇ ਕਿਹਾ, "ਫੇਫੜਿਆਂ ਦੇ ਕੈਂਸਰ ਦੇ ਲੱਛਣਾਂ ਨੂੰ ਕਈ ਵਾਰ ਆਮ ਸਾਹ ਸਬੰਧੀ ਸਮੱਸਿਆਵਾਂ ਸਮਝ ਲਿਆ ਜਾਂਦਾ ਹੈ, ਜਿਸ ਕਾਰਨ ਬਿਮਾਰੀ ਦੀ ਪਛਾਣ ਵਿੱਚ ਦੇਰੀ ਹੋ ਸਕਦੀ ਹੈ। ਹਾਲਾਂਕਿ ਸਿਗਰਟਨੋਸ਼ੀ ਇਸ ਦਾ ਇੱਕ ਮਹੱਤਵਪੂਰਨ ਜੋਖਮ ਕਾਰਕ ਹੈ, ਪਰ ਇਹ ਬਿਮਾਰੀ ਸਿਗਰਟਨੋਸ਼ੀ ਨਾ ਕਰਨ ਵਾਲੇ ਲੋਕਾਂ ਨੂੰ ਵੀ ਪ੍ਰਭਾਵਿਤ ਕਰ ਸਕਦੀ ਹੈ। ਲਗਾਤਾਰ ਖੰਘ, ਬਿਨਾਂ ਕਿਸੇ ਸਪੱਸ਼ਟ ਕਾਰਨ ਦੇ ਭਾਰ ਘਟਣਾ ਜਾਂ ਖੰਘ ਦੇ ਨਾਲ ਖੂਨ ਆਉਣ ਵਰਗੇ ਲੱਛਣਾਂ ਦੀ ਤੁਰੰਤ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਬਿਮਾਰੀ ਦੀ ਸ਼ੁਰੂਆਤੀ ਪੜਾਅ 'ਤੇ ਪਛਾਣ ਹੋਣ ਨਾਲ ਇਲਾਜ ਦੇ ਵਧੇਰੇ ਵਿਕਲਪ ਉਪਲਬਧ ਹੋ ਸਕਦੇ ਹਨ ਅਤੇ ਬਿਹਤਰ ਨਤੀਜਿਆਂ ਦੀਆਂ ਸੰਭਾਵਨਾਵਾਂ ਵਧ ਜਾਂਦੀਆਂ ਹਨ।



ਡਾ. ਡਾਂਗ ਨੇ ਅੱਗੇ ਕਿਹਾ, "ਤੰਬਾਕੂ ਦੇ ਸੇਵਨ ਤੋਂ ਇਲਾਵਾ ਹਵਾ ਪ੍ਰਦੂਸ਼ਣ ਅਤੇ ਕੁਝ ਕਿੱਤਾਮੁਖੀ ਗਤੀਵਿਧੀਆਂ ਦੌਰਾਨ ਹਾਨੀਕਾਰਕ ਪਦਾਰਥਾਂ ਦੇ ਸੰਪਰਕ ਵਿੱਚ ਆਉਣ ਨਾਲ ਵੀ ਫੇਫੜਿਆਂ ਦੇ ਕੈਂਸਰ ਦਾ ਖਤਰਾ ਵਧ ਸਕਦਾ ਹੈ। ਤੰਬਾਕੂ ਤੋਂ ਦੂਰੀ ਬਣਾਈ ਰੱਖਣਾ ਅਤੇ ਜਾਣੇ-ਪਛਾਣੇ ਜੋਖਮ ਕਾਰਕਾਂ ਦੇ ਸੰਪਰਕ ਨੂੰ ਘਟਾਉਣਾ ਫੇਫੜਿਆਂ ਦੀ ਸਿਹਤ ਦੀ ਸੁਰੱਖਿਆ ਲਈ ਮਹੱਤਵਪੂਰਨ ਕਦਮ ਹਨ।

ਇਸ ਦੇ ਨਾਲ ਹੀ ਆਪਣੇ ਸਰੀਰ ਵਿੱਚ ਹੋਣ ਵਾਲੀਆਂ ਅਸਧਾਰਨ ਤਬਦੀਲੀਆਂ ਪ੍ਰਤੀ ਸੁਚੇਤ ਰਹਿਣਾ ਅਤੇ ਲਗਾਤਾਰ ਬਣੇ ਰਹਿਣ ਵਾਲੇ ਲੱਛਣਾਂ ਨੂੰ ਆਮ ਸਮਝ ਕੇ ਨਜ਼ਰਅੰਦਾਜ਼ ਕਰਨ ਦੀ ਬਜਾਏ ਸਮੇਂ ਸਿਰ ਡਾਕਟਰੀ ਸਲਾਹ ਲੈਣੀ ਵੀ ਬੇਹੱਦ ਜ਼ਰੂਰੀ ਹੈ।

ਲਿਵਾਸਾ ਹਸਪਤਾਲ ਅੰਮ੍ਰਿਤਸਰ ਨੇ ਬੀ.ਸੀ.ਐਮ. ਅਤੇ ਸੀ.ਆਰ.ਆਰ.ਟੀ. ਤਕਨੀਕ ਦੀ ਸ਼ੁਰੂਆਤ ਨਾਲ ਗੁਰਦਿਆਂ ਦੇ ਆਧੁਨਿਕ ਇਲਾਜ ਦੀਆਂ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ

ਅੰਮ੍ਰਿਤਸਰ, (ਪੈ.ਗਾਮ-ਏ-ਜਗਤ)

ਖੇਤਰ ਵਿੱਚ ਗੁਰਦਿਆਂ ਦੇ ਆਧੁਨਿਕ ਇਲਾਜ ਦੀਆਂ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਲਿਵਾਸਾ ਹਸਪਤਾਲ, ਅੰਮ੍ਰਿਤਸਰ ਨੇ ਬਾਡੀ ਕੰਪੋਜ਼ੀਸ਼ਨ ਮਾਨੀਟਰ ਅਤੇ ਅਤਿ-ਆਧੁਨਿਕ ਕੰਟੀਨਿਊਅਸ ਰੀਨਲ ਰਿਪਲੇਸਮੈਂਟ ਥੈਰੇਪੀ (ਸੀਆਰਆਰਟੀ) ਮਸ਼ੀਨ ਲਾਂਚ ਕੀਤੀ ਹੈ। ਇਨ੍ਹਾਂ ਆਧੁਨਿਕ ਤਕਨੀਕਾਂ ਦੇ ਸ਼ਾਮਲ ਹੋਣ ਨਾਲ ਹਸਪਤਾਲ ਵਿੱਚ ਗੁਰਦਿਆਂ ਦੀਆਂ ਬਿਮਾਰੀਆਂ ਦੇ ਵਿਆਪਕ ਅਤੇ ਵਿਸ਼ੇਸ਼ ਇਲਾਜ ਦੀਆਂ ਸਹੂਲਤਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

ਇੱਕ ਸਾਲ ਪਹਿਲਾਂ ਕਿਡਨੀ ਟ੍ਰਾਂਸਪਲਾਂਟ ਪ੍ਰੋਗਰਾਮ ਦੀ ਸ਼ੁਰੂਆਤ ਤੋਂ ਬਾਅਦ ਹਸਪਤਾਲ ਦੀਆਂ ਵਿਆਪਕ ਰੀਨਲ ਕੇਅਰ ਸੇਵਾਵਾਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਹੁਣ ਹਸਪਤਾਲ ਵਿੱਚ ਕਿਡਨੀ ਟ੍ਰਾਂਸਪਲਾਂਟ ਸਰਜਰੀ, ਅਤਿ-ਆਧੁਨਿਕ ਡਾਇਲਸਿਸ ਸੈਂਟਰ, ਮਾਹਿਰ ਨੈਫਰੋਲੋਜੀ ਸੇਵਾਵਾਂ ਅਤੇ ਟ੍ਰਾਂਸਪਲਾਂਟ ਤੋਂ ਬਾਅਦ ਦੀ ਸਮੁੱਚੀ ਦੇਖਭਾਲ ਸਮੇਤ ਗੁਰਦਿਆਂ ਦੀਆਂ ਬਿਮਾਰੀਆਂ ਦੇ ਇਲਾਜ ਦੀਆਂ ਸਾਰੀਆਂ ਪ੍ਰਮੁੱਖ ਸਹੂਲਤਾਂ ਇੱਕੋ ਛੱਤ ਹੇਠ ਉਪਲਬਧ ਹਨ। ਇਸ ਨਾਲ ਮਰੀਜ਼ਾਂ ਨੂੰ ਇਲਾਜ ਦੇ ਹਰ ਪੜਾਅ 'ਤੇ ਨਿਰੰਤਰ ਅਤੇ ਤਾਲਮੇਲ ਵਾਲੀਆਂ ਡਾਕਟਰੀ ਸੇਵਾਵਾਂ ਮਿਲ ਰਹੀਆਂ ਹਨ।

ਨਵੀਂ ਸੀਆਰਆਰਟੀ ਤਕਨੀਕ ਵਿਸ਼ੇਸ਼ ਤੌਰ 'ਤੇ ਗੰਭੀਰ ਰੂਪ ਵਿੱਚ ਬਿਮਾਰ ਮਰੀਜ਼ਾਂ ਨੂੰ ਲਗਾਤਾਰ ਕਿਡਨੀ ਸਹਾਇਤਾ ਪ੍ਰਦਾਨ ਕਰਨ ਦੇ ਸਮਰੱਥ ਹੈ। ਇਹ ਉਨ੍ਹਾਂ ਮਰੀਜ਼ਾਂ ਲਈ ਖਾਸ ਤੌਰ 'ਤੇ ਲਾਭਦਾਇਕ ਹੈ, ਜਿਨ੍ਹਾਂ ਦੀ ਗੰਭੀਰ ਜਾਂ ਅਸਥਿਰ ਸਿਹਤ ਸਥਿਤੀ ਕਾਰਨ ਰਵਾਇਤੀ ਇੰਟਰਮਿਟੈਂਟ ਡਾਇਲਸਿਸ ਸਹਿਣ ਕਰਨਾ ਮੁਸ਼ਕਲ ਹੋ ਸਕਦਾ ਹੈ। ਇਸ ਅਤਿ-ਆਧੁਨਿਕ ਤਕਨੀਕ ਨਾਲ ਹਸਪਤਾਲ ਦੀਆਂ ਗੁੰਝਲਦਾਰ ਕਿਡਨੀ ਸਮੱਸਿਆਵਾਂ ਦੇ ਇਲਾਜ ਅਤੇ ਆਈ.ਸੀ.ਯੂ. ਵਿੱਚ ਦਾਖ਼ਲ ਗੰਭੀਰ ਮਰੀਜ਼ਾਂ ਨੂੰ ਵਿਸ਼ੇਸ਼ ਰੀਨਲ ਸਹਾਇਤਾ ਪ੍ਰਦਾਨ ਕਰਨ ਦੀ ਸਮਰੱਥਾ ਹੋਰ ਵਧੇਗੀ।

ਹਸਪਤਾਲ ਦਾ ਲਾਇਸੈਂਸ ਪ੍ਰਾਪਤ ਕਿਡਨੀ ਟ੍ਰਾਂਸਪਲਾਂਟ ਪ੍ਰੋਗਰਾਮ ਨੈਫਰੋਲੋਜਿਸਟ ਅਤੇ ਟ੍ਰਾਂਸਪਲਾਂਟ ਫਿਜ਼ੀਸ਼ੀਅਨ ਡਾ. ਰਾਧਿਕਾ ਗਰਗ ਅਤੇ ਯੂਰੋਲੋਜਿਸਟ ਅਤੇ ਟ੍ਰਾਂਸਪਲਾਂਟ ਸਰਜਨ ਡਾ. ਪਾਰਸ ਰਾਮ ਸੈਣੀ ਦੀ ਅਗਵਾਈ ਹੇਠ ਚਲਾਇਆ ਜਾ ਰਿਹਾ ਹੈ। ਇਸ ਪ੍ਰੋਗਰਾਮ ਰਾਹੀਂ ਪੰਜਾਬ ਅਤੇ ਆਸ-ਪਾਸ ਦੇ ਖੇਤਰਾਂ ਦੇ ਮਰੀਜ਼ਾਂ ਲਈ ਵਿਸ਼ੇਸ਼ ਕਿਡਨੀ ਟ੍ਰਾਂਸਪਲਾਂਟ ਸੇਵਾਵਾਂ ਵਧੇਰੇ ਸੁਲਭ ਹੋਈਆਂ ਹਨ। ਇਸ ਨਾਲ ਮਰੀਜ਼ਾਂ ਨੂੰ ਗੁੰਝਲਦਾਰ ਕਿਡਨੀ ਇਲਾਜ ਅਤੇ ਟ੍ਰਾਂਸਪਲਾਂਟ ਪ੍ਰਕਿਰਿਆਵਾਂ ਲਈ ਦੂਰ-ਦੁਰਾਡੇ ਦੇ ਵੱਡੇ ਮਹਾਨਗਰਾਂ ਵਿੱਚ ਜਾਣ ਦੀ ਲੋੜ ਵੀ ਘਟੀ ਹੈ। ਲਿਵਾਸਾ ਹਸਪਤਾਲਜ਼ ਦੇ ਸੀ.ਈ.ਓ. ਅਨਿਰੁੱਧ ਯਾਦਵ ਨੇ ਕਿਹਾ, ÷ਲਿਵਾਸਾ ਹਸਪਤਾਲਜ਼ ਵਿੱਚ ਸਾਡਾ ਲਗਾਤਾਰ ਯਤਨ ਹੈ ਕਿ ਅਸੀਂ ਆਪਣੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਈਏ, ਨਵੀਆਂ ਅਤੇ ਉੱਨਤ ਮੈਡੀਕਲ ਤਕਨੀਕਾਂ ਅਪਣਾਈਏ ਅਤੇ ਆਪਣੀਆਂ ਡਾਕਟਰੀ ਸਮਰੱਥਾਵਾਂ ਨੂੰ ਲਗਾਤਾਰ ਮਜ਼ਬੂਤ ਕਰੀਏ, ਤਾਂ ਜੋ ਮਰੀਜ਼ਾਂ ਨੂੰ ਉਨ੍ਹਾਂ ਦੇ ਆਪਣੇ ਖੇਤਰ ਵਿੱਚ ਹੀ ਮਿਆਰੀ ਸਿਹਤ ਸੇਵਾਵਾਂ ਉਪਲਬਧ ਹੋ ਸਕਣ। ਸਾਡਾ ਉਦੇਸ਼ ਉੱਨਤ ਇਲਾਜ ਸਹੂਲਤਾਂ ਨੂੰ ਆਮ ਲੋਕਾਂ ਦੀ ਪਹੁੰਚ ਦੇ ਹੋਰ ਨੇੜੇ ਲਿਆਉਣਾ ਹੈ।



ਲਿਵਾਸਾ ਹਸਪਤਾਲ, ਅੰਮ੍ਰਿਤਸਰ ਦੇ ਫੈਸਿਲਿਟੀ ਡਾਇਰੈਕਟਰ ਡਾ. ਰਾਜੀਵ ਕੁੰਦਰਾ ਨੇ ਕਿਹਾ, ਸਾਡਾ ਹਮੇਸ਼ਾ ਤੋਂ ਇਹ ਯਤਨ ਰਿਹਾ ਹੈ ਕਿ ਗੁਰਦਿਆਂ ਦੀਆਂ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਬਿਮਾਰੀ ਦੇ ਹਰ ਪੜਾਅ 'ਤੇ ਸਮੁੱਚਾ ਅਤੇ ਬਿਹਤਰ ਇਲਾਜ ਮੁਹੱਈਆ ਕਰਵਾਉਣ ਲਈ ਇੱਕ ਮਜ਼ਬੂਤ ਰੀਨਲ ਕੇਅਰ ਪ੍ਰਣਾਲੀ ਵਿਕਸਿਤ ਕੀਤੀ ਜਾਵੇ।

ਅਤਿ-ਆਧੁਨਿਕ ਸੀ.ਆਰ.ਆਰ.ਟੀ. ਤਕਨੀਕ ਅਤੇ ਬਾਡੀ ਕੰਪੋਜ਼ੀਸ਼ਨ ਮਾਨੀਟਰ ਦੀ ਸ਼ੁਰੂਆਤ ਨਾਲ ਸਾਡੀਆਂ ਇਲਾਜ ਸਮਰੱਥਾਵਾਂ ਹੋਰ ਮਜ਼ਬੂਤ ਹੋਈਆਂ ਹਨ। ਖਾਸ ਤੌਰ 'ਤੇ ਗੰਭੀਰ ਮਰੀਜ਼ਾਂ ਦੀ ਦੇਖਭਾਲ ਅਤੇ ਉਨ੍ਹਾਂ ਨੂੰ ਵਿਸ਼ੇਸ਼ ਕਿਡਨੀ ਸਹਾਇਤਾ ਪ੍ਰਦਾਨ ਕਰਨ ਵਿੱਚ ਇਹ ਤਕਨੀਕਾਂ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਨਾਲ ਖੇਤਰ ਵਿੱਚ ਉਪਲਬਧ ਕਿਡਨੀ ਇਲਾਜ ਸੇਵਾਵਾਂ ਦੀ ਗੁਣਵੱਤਾ ਅਤੇ ਦਾਇਰੇ ਵਿੱਚ ਹੋਰ ਸੁਧਾਰ ਹੋਵੇਗਾ।

ਦਵਾਈਆਂ ਦੀ ਬੇਲੋੜੀ ਵਰਤੋਂ ਵਿਰੁੱਧ ਪੋਸਟਰ ਮੁਕਾਬਲੇ ਕਰਵਾਏ

- ਡਾਕਟਰ ਦੀ ਸਲਾਹ ਨਾਲ ਹੀ ਦਵਾਈ ਦੀ ਵਰਤੋਂ ਕਰੋ : ਡਾ. ਅਲਕਜੋਤ ਕੌਰ



ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਬੂਥਗੜ੍ਹ, 20 ਨਵੰਬਰ (ਪੈ.ਗਾਮ-ਏ-ਜਗਤ)

ਵਿਸ਼ਵ ਰੋਗਾਣੂਨਾਸ਼ਕ ਜਾਗਰੂਕਤਾ ਹਫ਼ਤਾ ਹਰ ਸਾਲ 18 ਤੋਂ 24 ਨਵੰਬਰ ਤੱਕ ਮਨਾਇਆ ਜਾਂਦਾ ਹੈ ਜਿਸ ਦਾ ਉਦੇਸ਼ ਲੋਕਾਂ, ਡਾਕਟਰਾਂ ਅਤੇ ਨੀਤੀ ਘੜਨ ਵਾਲਿਆਂ ਨੂੰ ਐਂਟੀਬਾਇਓਟਿਕਸ ਅਤੇ ਐਂਟੀ-ਮਾਈਕ੍ਰੋਬਾਇਲ ਦਵਾਈਆਂ ਦੀ ਦੁਰਵਰਤੋਂ ਅਤੇ ਰੋਗਾਣੂਨਾਸ਼ਕ ਪ੍ਰਤੀਰੋਧ ਬਾਰੇ ਜਾਗਰੂਕ ਕਰਨਾ ਹੈ।

ਇਹ ਜਾਣਕਾਰੀ ਦਿੰਦਿਆਂ ਐਸ.ਐਮ.ਓ ਡਾ.ਅਲਕਜੋਤ ਕੌਰ ਨੇ ਦੱਸਿਆ ਕਿ ਐਂਟੀਬ

ਸੀ.ਪੀ.ਆਈ. (ਐਮਐਲ) ਵੱਲੋਂ ਕਾਮਰੇਡ ਸੰਘਾ ਦੀ 34ਵੀਂ ਬਰਸੀ ਮੌਕੇ ਸਿਆਸੀ ਕਾਨਫਰੰਸ

ਹੁਸ਼ਿਆਰਪੁਰ, 20 ਨਵੰਬਰ (ਪੈ.ਗਾਮ-ਏ-ਜਗਤ)

ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਵੱਲੋਂ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਦੀ 34ਵੀਂ ਬਰਸੀ ਮੌਕੇ ਪਿੰਡ ਸ਼ਹਾਬਪੁਰ ਵਿਖੇ ਸਿਆਸੀ ਕਾਨਫਰੰਸ ਕਰਵਾਈ ਗਈ। ਇਸ ਮੌਕੇ





- **ਬੁਲਾਰਿਆਂ ਨੇ ਲੋਕਾਂ ਨੂੰ ਫਾਸ਼ੀਵਾਦ ਵਿਰੁੱਧ ਡਟਣ ਦਾ ਸੱਦਾ ਦਿੱਤਾ**

ਬੁਲਾਰਿਆਂ ਨੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਨੀਤੀਆਂ ਅਤੇ ਫਾਸ਼ੀਵਾਦ ਵਿਰੁੱਧ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਕਾਮਰੇਡ ਗਿਆਨ ਸਿੰਘ ਸੰਘਾ ਨੂੰ 20 ਨਵੰਬਰ 1992 ਨੂੰ ਖਾਲਿਸਤਾਨੀ ਤਾਕਤਾਂ ਵੱਲੋਂ ਸ਼ਹੀਦ ਕਰ ਦਿੱਤਾ ਗਿਆ ਸੀ।

ਸਮਾਗਮ ਦੀ ਸ਼ੁਰੂਆਤ ਮੌਕੇ ਸ਼ਹੀਦ ਸੰਘਾ ਦੀ ਯਾਦਗਾਰ ਉੱਤੇ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਉਨ੍ਹਾਂ ਦੇ ਭਰਾ ਅਤੇ ਪਾਰਟੀ ਆਗੂ ਬਲਬੀਰ ਸਿੰਘ ਸੰਘਾ ਨੇ ਨਿਭਾਈ। ਉਨ੍ਹਾਂ ਕਿਹਾ ਕਿ ਸ਼ਹੀਦ ਸਾਥੀ ਸੰਘਾ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਜਮਾਤੀ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਪ੍ਰਣ ਕਰਨਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਸੂਬਾਈ ਆਗੂਆਂ ਕਾਮਰੇਡ ਦਰਸ਼ਨ ਖਟਕੜ, ਸਰਦਾਰਾ ਸਿੰਘ ਮਾਹਿਲ, ਕੁਲਵਿੰਦਰ ਸਿੰਘ ਵੜੈਚ ਅਤੇ ਐਡਵੋਕੇਟ ਦਲਜੀਤ ਸਿੰਘ ਨੇ ਕਿਹਾ ਕਿ ਸ਼ਹੀਦ ਸੰਘਾ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਦੇਸ਼ ਦੀ ਵੰਨ-ਸੁਵੰਨਤਾ, ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਸੰਘੀ ਢਾਂਚੇ ਦੀ ਰਾਖੀ ਲਈ ਲੋਕਾਂ ਨੂੰ ਇਕਜੁੱਟ ਹੋਣਾ ਚਾਹੀਦਾ ਹੈ।

ਆਗੂਆਂ ਨੇ ਕਿਹਾ ਕਿ ਰੂਸ-ਯੂਕਰੇਨ ਜੰਗ ਅਤੇ ਇਜ਼ਰਾਈਲ-ਫਲਸਤੀਨ ਸੰਘਰਸ਼ ਵਿਸ਼ਵ ਸਾਮਰਾਜਵਾਦੀ ਟਕਰਾਅ ਨਾਲ ਜੁੜੇ ਮੁੱਦੇ ਹਨ। ਉਨ੍ਹਾਂ ਅਨੁਸਾਰ ਕੇਂਦਰ ਸਰਕਾਰ ਵੱਲੋਂ ਇਕ ਦੇਸ਼-ਇਕ ਮੰਡੀ, ਇਕ ਦੇਸ਼-ਇਕ ਟੈਕਸ ਅਤੇ ਇਕ ਦੇਸ਼-ਇਕ ਧਰਮ ਵਰਗੀਆਂ ਨੀਤੀਆਂ ਰਾਹੀਂ ਦੇਸ਼ ਦੀ ਬਹੁਲਤਾ ਨੂੰ ਪ੍ਰਭਾਵਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ, ਐਸਆਈਆਰ, ਘੱਟ ਗਿਣਤੀਆਂ ਪ੍ਰਤੀ ਰਵੱਈਏ, ਨਵੀਂ ਸਿੱਖਿਆ ਨੀਤੀ ਅਤੇ ਵਿਰੋਧੀ ਆਵਾਜ਼ਾਂ ਵਿਰੁੱਧ ਦਰਜ ਕੀਤੇ ਜਾਂਦੇ ਮਾਮਲਿਆਂ ਬਾਰੇ ਵੀ ਸਵਾਲ ਉਠਾਏ। ਪੰਜਾਬ ਦੇ ਮੁੱਦਿਆਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਬੀਐਸਐਫ ਦੇ ਅਧਿਕਾਰ ਖੇਤਰ ਵਿੱਚ ਵਾਧੇ ਅਤੇ ਡੈਮ ਸੇਫਟੀ ਐਕਟ ਰਾਹੀਂ ਸੂਬੇ ਦੇ ਅਧਿਕਾਰ ਪ੍ਰਭਾਵਿਤ ਹੋ ਰਹੇ ਹਨ।

ਉਨ੍ਹਾਂ ਪੰਜਾਬ ਸਰਕਾਰ ਦੀ ਵੀ ਆਲੋਚਨਾ ਕਰਦਿਆਂ ਨਸ਼ਿਆਂ ਦੀ ਸਮੱਸਿਆ, ਨੌਜਵਾਨਾਂ ਦੀਆਂ ਮੌਤਾਂ ਅਤੇ ਧਰਨਾਕਾਰੀਆਂ ਵਿਰੁੱਧ ਕੀਤੀ ਜਾਂਦੀ ਕਾਰਵਾਈ ਦਾ ਜ਼ਿਕਰ ਕੀਤਾ। ਆਗੂਆਂ ਨੇ ਕਿਹਾ ਕਿ ਉਨ੍ਹਾਂ ਅਨੁਸਾਰ ਸਿਰਫ਼ ਸਰਕਾਰਾਂ ਬਦਲਣ ਨਾਲ ਸਮਾਜਿਕ-ਆਰਥਿਕ ਸਮੱਸਿਆਵਾਂ ਦਾ ਹੱਲ ਨਹੀਂ ਹੋਵੇਗਾ, ਸਗੋਂ ਸਮੁੱਚੇ ਪ੍ਰਬੰਧ ਵਿੱਚ ਤਬਦੀਲੀ ਦੀ ਲੋੜ ਹੈ।

ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੀ ਸੂਬਾਈ ਆਗੂ ਅਰਵਿੰਦਰ ਕੌਰ ਆਜ਼ਾਦ ਨੂੰ ਸੰਘਰਸ਼ਾਂ ਵਿੱਚ ਪਾਏ ਯੋਗਦਾਨ ਲਈ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਓਲਡ ਇਜ਼ ਗੋਲਡ ਫਰੈਂਡਜ਼ ਗਰੁੱਪ ਨਵਾਂਸ਼ਹਿਰ ਵੱਲੋਂ ਰਘਵਿੰਦਰ ਪਾਲ ਸਿੰਘ ਨੇ ਉਨ੍ਹਾਂ ਨੂੰ ਗੋਲਡ ਮੈਡਲ ਵੀ ਭੇਟ ਕੀਤਾ।

ਸਮਾਗਮ ਦੌਰਾਨ ਮਾਨਵਤਾ ਕਲਾ ਕੇਂਦਰ ਨਗਰ ਦੀ ਨਾਟਕ ਟੀਮ ਨੇ ਇਨਕਲਾਬੀ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ। ਇਸ ਤੋਂ ਇਲਾਵਾ ਭੁਪਿੰਦਰ ਸਿੰਘ ਅੰਮ੍ਰਿਤਸਰ ਵੱਲੋਂ ਸੰਪਾਦਿਤ ਸ਼ਹੀਦ ਜੈਮਲ ਸਿੰਘ ਪੱਡਾ ਦੀ ਕਾਵਿ-ਪੁਸਤਕ ਦਾ ਦੂਜਾ ਐਡੀਸ਼ਨ ਪਰਵਾਜ਼ ਪੰਜਾਬ ਦੇ ਆਗੂਆਂ ਜਸਬੀਰ ਦੀਪ ਅਤੇ ਹਰੀ ਰਾਮ ਰਸੂਲਪੁਰੀ ਨੇ ਰਿਲੀਜ਼ ਕੀਤਾ। ਮੰਚ ਸੰਚਾਲਨ ਕਾਮਰੇਡ ਅਵਤਾਰ ਸਿੰਘ ਤਾਰੀ ਨੇ ਕੀਤਾ ਅਤੇ ਅੰਤ ਵਿੱਚ ਕਮਲਜੀਤ ਸਨਾਵਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ, ਸੂਬਾ ਮੀਤ ਪ੍ਰਧਾਨ ਤਾਰਾ ਸਿੰਘ ਸ਼ੇਖੂਪੁਰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ

ਬਾਦਲ ਸਾਹਿਬ ਨੇ ਕੀਤਾ ਸਵਾਗਤ, ਪਾਰਟੀ ਦਾ ਮੀਤ ਪ੍ਰਧਾਨ ਨਿਯੁਕਤ ਕਰਕੇ ਸੌਂਪੀ ਅਹਿਮ ਜ਼ਿੰਮੇਵਾਰੀ

ਪੈ.ਗਾਮ-ਏ-ਜਗਤ
ਬਲਾਚੌਰ, 20 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਆਮ ਆਦਮੀ ਪਾਰਟੀ ਨੂੰ ਅੱਜ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਪਾਰਟੀ ਦੇ ਸੂਬਾ ਮੀਤ ਪ੍ਰਧਾਨ (ਓਬੀਸੀ ਵਿੰਗ) ਸ. ਤਾਰਾ ਸਿੰਘ ਸ਼ੇਖੂਪੁਰ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਉਨ੍ਹਾਂ ਦੀ ਸ਼ਮੂਲੀਅਤ ਨਾਲ ਅਕਾਲੀ ਦਲ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਓਬੀਸੀ ਵਰਗ ਵਿੱਚ ਵੱਡੀ ਮਜ਼ਬੂਤੀ ਮਿਲੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਜੀ ਬਾਦਲ ਦੀ ਅਗਵਾਈ ਹੇਠ ਹੋਏ ਇਸ ਸ਼ਮੂਲੀਅਤ ਸਮਾਗਮ ਦੌਰਾਨ ਇਹ ਸ਼ਮੂਲੀਅਤ ਵੀ ਸੌਂਪੀ ਗਈ।



ਬਾਦਲ ਸਾਹਿਬ ਨੇ ਸ. ਤਾਰਾ ਸਿੰਘ ਸ਼ੇਖੂਪੁਰ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੂੰ ਪਾਰਟੀ ਦਾ ਮੀਤ ਪ੍ਰਧਾਨ ਨਿਯੁਕਤ ਕਰਕੇ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਦੋਵਾਂ ਨੇ ਤਾਰਾ ਸਿੰਘ ਸ਼ੇਖੂਪੁਰ ਨੂੰ ਅਕਾਲੀ ਦਲ ਦੀਆਂ ਨੀਤੀਆਂ, ਪੰਥਕ ਸੋਚ ਅਤੇ ਪੰਜਾਬ ਪ੍ਰਤੀ ਵਚਨਬੱਧਤਾ ਤੋਂ ਜਾਣੂ ਕਰਵਾਇਆ, ਜਿਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਅਕਾਲੀ ਦਲ ਵਿੱਚ ਆਉਣ ਦਾ ਫੈਸਲਾ ਕੀਤਾ।

ਇਸ ਮੌਕੇ ਸ. ਤਾਰਾ ਸਿੰਘ ਸ਼ੇਖੂਪੁਰ ਨੇ ਕਿਹਾ ਕਿ ਉਹ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਪੰਜਾਬ ਦੀ ਸੇਵਾ ਲਈ ਤਨ-ਮਨ ਨਾਲ ਕੰਮ ਕਰਨਗੇ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕਰਨਗੇ।

ਇਸ ਸ਼ਮੂਲੀਅਤ ਨਾਲ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਸਿਆਸੀ ਮਾਹੌਲ ਹੋਰ ਭਖ ਗਿਆ ਹੈ ਅਤੇ ਅਕਾਲੀ ਦਲ ਦੇ ਵਰਕਰਾਂ ਵਿੱਚ ਨਵਾਂ ਜੋਸ਼ ਭਰ ਗਿਆ ਹੈ।

ਭਰਥਲਾ ਤੋਂ ਭੇਡੀਆਂ ਮੰਡ ਤੱਕ 16 ਫੁੱਟ ਚੌੜੀ ਸੜਕ ਬਣਾਈ ਜਾਵੇਗੀ, ਕਰਨਵੀਰ ਕਟਾਰੀਆ ਨੇ ਦਿੱਤੀ ਜਾਣਕਾਰੀ

ਪੈ.ਗਾਮ-ਏ-ਜਗਤ
ਬਲਾਚੌਰ, 20 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)




ਸੀਨੀਅਰ ਨੌਜਵਾਨ ਆਪ ਆਗੂ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਲਾਕੇ ਦੀਆਂ ਸੜਕਾਂ ਦੇ ਨਿਰਮਾਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾ ਰਿਹਾ ਹੈ।

ਕਰਨਵੀਰ ਕਟਾਰੀਆ ਨੇ ਦੱਸਿਆ ਕਿ ਭਰਥਲਾ ਤੋਂ ਭੇਡੀਆਂ ਮੰਡ ਤੱਕ ਦੀ ਸੜਕ ਨੂੰ 16 ਫੁੱਟ ਚੌੜੀ ਕਰਕੇ ਬਣਾਇਆ ਜਾਵੇਗਾ। ਇਸ ਦੇ ਨਾਲ ਹੀ ਰਾਮਗੜ੍ਹ ਪਨਿਆਲੀਆਂ ਤੋਂ ਲੈ ਕੇ ਏਡੀਬੀ ਤੱਕ ਦੀ ਸੜਕ ਦਾ ਕੰਮ ਵੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਭਰਥਲਾ ਤੋਂ ਬਾਗੋਵਾਲ ਤੱਕ ਦੀ ਸੜਕ ਦਾ ਨਿਰਮਾਣ ਵੀ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਟੀਮ ਦਾ ਮਕਸਦ ਇਲਾਕੇ ਦੇ ਹਰ ਪਿੰਡ ਨੂੰ ਪੱਕੀਆਂ ਅਤੇ ਚੰਗੀਆਂ ਸੜਕਾਂ ਨਾਲ ਜੋੜਨਾ ਹੈ, ਤਾਂ ਜੋ ਲੋਕਾਂ ਨੂੰ ਆਉਣ-ਜਾਣ ਵਿੱਚ ਕੋਈ ਮੁਸ਼ਕਲ ਨਾ ਆਵੇ। ਕਰਨਵੀਰ ਕਟਾਰੀਆ ਨੇ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਬਾਕੀ ਸੜਕਾਂ ਦਾ ਕੰਮ ਵੀ ਪੜਾਅਵਾਰ ਤਰੀਕੇ ਨਾਲ ਮੁਕੰਮਲ ਕੀਤਾ ਜਾਵੇਗਾ।

ਖੇਲੋ ਇੰਡੀਆ ਯੂਥ ਗੇਮਜ਼ ਲਈ ਕਬੱਡੀ ਟੀਮ ਦੇ ਚੋਣ ਟਰਾਇਲ 22 ਨਵੰਬਰ ਨੂੰ ਬਿਲਾਸਪੁਰ ਵਿਖੇ

ਪੈ.ਗਾਮ-ਏ-ਜਗਤ/ਊਨਾ, 20 ਨਵੰਬਰ (ਰਾਜਵੀਰ ਚੋਪੜਾ)

ਖੇਲੋ ਇੰਡੀਆ ਯੂਥ ਗੇਮਜ਼-2026 ਤਹਿਤ ਅੰਡਰ-18 ਉਮਰ ਵਰਗ ਦੀ ਹਿਮਾਚਲ ਪ੍ਰਦੇਸ਼ ਕਬੱਡੀ ਪੁਰਸ਼ ਟੀਮ ਦੀ ਚੋਣ ਲਈ 22 ਨਵੰਬਰ ਨੂੰ ਜ਼ਿਲ੍ਹਾ ਸਪੋਰਟਸ ਹੋਸਟਲ, ਬਿਲਾਸਪੁਰ ਵਿਖੇ ਟਰਾਇਲ ਕਰਵਾਏ ਜਾਣਗੇ। ਟਰਾਇਲ ਸਵੇਰੇ 10 ਵਜੇ ਸ਼ੁਰੂ ਹੋਣਗੇ। ਯੁਵਾ ਸੇਵਾਵਾਂ ਅਤੇ ਖੇਡ ਵਿਭਾਗ ਦੇ ਵਧੀਕ ਡਾਇਰੈਕਟਰ ਗੌਰਵ ਮਹਾਜਨ ਨੇ ਦੱਸਿਆ ਕਿ ਟਰਾਇਲਾਂ ਵਿੱਚ ਉਹੀ ਖਿਡਾਰੀ ਭਾਗ ਲੈ ਸਕਣਗੇ, ਜਿਨ੍ਹਾਂ ਦਾ ਜਨਮ 1 ਜਨਵਰੀ, 2009 ਜਾਂ ਇਸ ਤੋਂ ਬਾਅਦ ਹੋਇਆ ਹੋਵੇ। ਚਾਹਵਾਨ ਖਿਡਾਰੀਆਂ ਲਈ ਮੈਟ੍ਰਿਕ ਸਰਟੀਫਿਕੇਟ, ਜਨਮ ਸਰਟੀਫਿਕੇਟ ਅਤੇ ਆਧਾਰ ਕਾਰਡ ਦੀ ਇੱਕ-ਇੱਕ ਤਸਦੀਕਸ਼ੁਦਾ ਕਾਪੀ ਦੇ ਨਾਲ ਦੋ ਪਾਸਪੋਰਟ ਸਾਈਜ਼ ਫੋਟੋਆਂ ਲਿਆਉਣੀਆਂ ਲਾਜ਼ਮੀ ਹਨ। ਉਨ੍ਹਾਂ ਦੱਸਿਆ ਕਿ ਜਨਮ ਸਰਟੀਫਿਕੇਟ ਨਗਰ ਨਿਗਮ ਜਾਂ ਗ੍ਰਾਮ ਪੰਚਾਇਤ ਵੱਲੋਂ ਘੱਟੋ-ਘੱਟ ਪੰਜ ਸਾਲ ਪਹਿਲਾਂ, ਭਾਵ 1 ਜਨਵਰੀ, 2021 ਜਾਂ ਇਸ ਤੋਂ ਪਹਿਲਾਂ ਜਾਰੀ ਕੀਤਾ ਹੋਣਾ ਚਾਹੀਦਾ ਹੈ। ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਕਿਸੇ ਵੀ ਤਰ੍ਹਾਂ ਦਾ ਯਾਤਰਾ ਜਾਂ ਰੋਜ਼ਾਨਾ ਭੱਤਾ (ਟੀਏ/ਡੀਏ) ਨਹੀਂ ਦਿੱਤਾ ਜਾਵੇਗਾ।



ਪੰਜਾਬ ਸਰਕਾਰ ਵਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 4 ਤੋਂ 6 ਦਸੰਬਰ ਤੱਕ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਕਰਵਾਏ ਜਾਣਗੇ ਵਿਸ਼ਾਲ ਸਮਾਗਮ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
20 ਨਵੰਬਰ (ਹਰੀ ਕ੍ਰਿਸ਼ਨ ਗੰਗੜ)

- **ਵਾਰਾਣਸੀ, ਜੰਮੂ, ਬਠਿੰਡਾ ਅਤੇ ਫਰੀਦਕੋਟ ਤੋਂ ਸਜਣਗੀਆਂ ਸ਼ੋਭਾ ਯਾਤਰਾਵਾਂ, 3 ਦਸੰਬਰ ਨੂੰ ਪਹੁੰਚਣਗੀਆਂ ਸ੍ਰੀ ਖੁਰਾਲਗੜ੍ਹ ਸਾਹਿਬ**



ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਵਾਰਾਣਸੀ, ਜੰਮੂ, ਬਠਿੰਡਾ ਅਤੇ ਫਰੀਦਕੋਟ ਤੋਂ ਚਾਰ ਸ਼ੋਭਾ ਯਾਤਰਾਵਾਂ ਸਜਾਈਆਂ ਜਾਣਗੀਆਂ ਜੋ 3 ਦਸੰਬਰ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚਣਗੀਆਂ ਜਿਸ ਉਪਰੰਤ 4, 5 ਅਤੇ 6 ਦਸੰਬਰ ਨੂੰ ਲਗਾਤਾਰ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ।

ਸਮਾਗਮਾਂ ਦੀ ਰੂਪਰੇਖਾ ਅਨੁਸਾਰ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਮੀਨਾਰ-ਏ-ਬੇਗਮਪੁਰਾ ਵਿਖੇ ਉੱਚ ਪੱਧਰੀ ਮੀਟਿੰਗ ਦੌਰਾਨ ਵੱਡੀ ਪੱਧਰ 'ਤੇ ਸੰਗਤ ਦੀ ਆਮਦ ਦੇ ਮੱਦੇਨਜ਼ਰ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਧਿਕਾਰੀਆਂ ਨੂੰ ਤਾਕੀਦ ਕੀਤੀ ਕਿ ਸਮਾਂ ਰਹਿੰਦਿਆਂ ਸਮਾਗਮਾਂ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾਵੇ। ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕੇਵਲ ਸਿੰਘ ਦੀ ਮੌਜੂਦਗੀ ਵਿਚ ਮਾਰਕਫੈਡ ਦੇ ਐਮ.ਡੀ. ਵਿਸ਼ੇਸ਼ ਸਾਰੰਗਲ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਸੈਰ ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਨੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਸੰਗਤ ਲਈ ਸੁਖਾਵੀਂ ਆਵਾਜਾਈ, ਰਿਹਾਇਸ਼ ਅਤੇ ਲੰਗਰ ਵਿਵਸਥਾ ਦੀ ਲੋੜ 'ਤੇ ਜ਼ੋਰ ਦਿੱਤਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 3 ਦਸੰਬਰ ਨੂੰ ਚਾਰ ਸ਼ੋਭਾ ਯਾਤਰਾਵਾਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਪੂਰਨ ਹੋਣਗੀਆਂ ਜਿਸ ਉਪਰੰਤ 4 ਦਸੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹੋਰ ਸ਼ਖਸੀਅਤਾਂ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਇਕੱਤਰ ਹੋਣੀਆਂ ਜਿਸ ਉਪਰੰਤ ਮੁੱਖ ਮੰਤਰੀ ਵਲੋਂ ਮੀਨਾਰ-ਏ-ਬੇਗਮਪੁਰਾ ਕੰਪਲੈਕਸ ਵਿਖੇ ਗੁਰੂ ਜੀ ਦੇ ਜੀਵਨ ਨਾਲ ਸਬੰਧਤ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਜਾਵੇਗਾ। 4 ਦਸੰਬਰ ਨੂੰ ਬਾਅਦ ਦੁਪਹਿਰ ਸੰਤ ਸੰਮੇਲਨ ਅਤੇ ਕੀਰਤਨ ਦਰਬਾਰ ਤੋਂ ਬਾਅਦ ਸ਼ਾਮ 7 ਵਜੇ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਫਲਸਫੇ 'ਤੇ ਆਧਾਰਤ ਥ?ਰੀ ਡੀ ਪ੍ਰੋਜੈਕਸ਼ਨ ਅਤੇ ਡਰੋਨ ਸ਼ੋਅ ਹੋਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਦੂਸਰੇ ਦਿਨ 5 ਦਸੰਬਰ ਨੂੰ ਚਰਨ ਛੋਹ ਗੰਗਾ ਤੋਂ ਨਗਰ ਕੀਰਤਨ ਸਜਾਇਆ ਜਾਵੇਗਾ ਜਿਸ ਉਪਰੰਤ ਕੀਰਤਨ ਦਰਬਾਰ ਅਤੇ ਥ?ਰੀ ਡੀ ਪ੍ਰੋਜੈਕਸ਼ਨ ਹੋਵੇਗੀ। ਇਸੇ ਤਰ੍ਹਾਂ 6 ਦਸੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਮੁੱਖ ਮੰਤਰੀ ਵਲੋਂ ਬੂਟੇ ਲਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਜਾਵੇਗਾ। ਸਮਾਗਮ ਸਥਾਨ 'ਤੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ਸ਼ਰਧਾਲੂਆਂ ਦੀ ਆਮਦ ਦੇ ਮੱਦੇਨਜ਼ਰ ਟੈਂਟਸਿਟੀ ਵਿਚ ਉਨ੍ਹਾਂ ਦੇ ਠਹਿਰਨ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਜਾਵੇਗਾ।

ਸ਼ਰਧਾਲੂਆਂ ਦੀ ਸੁਖਾਵੀਂ ਆਵਾਜਾਈ ਦੇ ਮੱਦੇਨਜ਼ਰ ਸਬੰ

ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ ਵੱਲੋਂ ਕਰਨਾਲ ਸਿਵਲ ਹਸਪਤਾਲ ਵਿੱਚ ਅੰਮ੍ਰਿਤ ਫਾਰਮੇਸੀ ਕੇਂਦਰ ਦਾ ਉਦਘਾਟਨ

ਸੂਬੇ ਦੇ 16 ਜ਼ਿਲ੍ਹਿਆਂ ਵਿੱਚ ਇਕੱਠੇ ਖੁੱਲ੍ਹੇ ਕੇਂਦਰ

ਕਰਨਾਲ, 20 ਨਵੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਵਿਧਾਨ ਸਭਾ ਦੇ ਸਪੀਕਰ ਅਤੇ ਘਰੌਂਡਾ ਦੇ ਵਿਧਾਇਕ ਹਰਵਿੰਦਰ ਕਲਿਆਣ ਨੇ ਸ਼ੁੱਕਰਵਾਰ ਨੂੰ ਜ਼ਿਲ੍ਹਾ ਨਾਗਰਿਕ ਹਸਪਤਾਲ ਕਰਨਾਲ ਵਿੱਚ ਅੰਮ੍ਰਿਤ ਫਾਰਮੇਸੀ ਕੇਂਦਰ ਦਾ ਉਦਘਾਟਨ ਕੀਤਾ। ਡਿਪਟੀ ਕਮਿਸ਼ਨਰ ਡਾ. ਅਨੰਦ ਕੁਮਾਰ ਸ਼ਰਮਾ ਨੇ ਬੁਕੇ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ।



ਸਮਾਗਮ ਨੂੰ ਸੰਬੋਧਨ ਕਰਦਿਆਂ ਸਪੀਕਰ ਨੇ ਕਿਹਾ ਕਿ ਅੰਮ੍ਰਿਤ ਫਾਰਮੇਸੀ ਆਮ ਲੋਕਾਂ, ਖਾਸ ਕਰਕੇ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ।

ਕੈਂਸਰ, ਦਿਲ ਦੀ ਬਿਮਾਰੀ, ਕਿਡਨੀ ਸਮੇਤ ਗੰਭੀਰ ਬਿਮਾਰੀਆਂ ਦੇ ਇਲਾਜ ਵਿੱਚ ਵਰਤੀਆਂ ਜਾਣ ਵਾਲੀਆਂ ਬ੍ਰਾਂਡਡ ਦਵਾਈਆਂ ਅਤੇ ਸਰਜੀਕਲ ਸਮਾਨ ਅਕਸਰ ਬਹੁਤ ਮਹਿੰਗੇ ਹੁੰਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਸਪਤਾਲ ਦੇ ਅੰਦਰ ਹੀ ਉੱਚ ਗੁਣਵੱਤਾ ਵਾਲੀਆਂ ਦਵਾਈਆਂ, ਇਮਪਲਾਂਟ ਅਤੇ ਸਰਜੀਕਲ ਉਪਕਰਣ ਐਮਆਰਪੀ 'ਤੇ 50 ਫੀਸਦੀ ਤੱਕ ਦੀ ਛੂਟ 'ਤੇ ਮਿਲਣਗੇ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਸਿਹਤ ਸੇਵਾਵਾਂ ਨੂੰ ਬਿਹਤਰ, ਸਰਲ ਅਤੇ ਕਿਫਾਇਤੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਇਹ ਸਟੋਰ 24 ਘੰਟੇ, ਸਾਲ ਦੇ 365 ਦਿਨ ਖੁੱਲ੍ਹਾ ਰਹੇਗਾ। ਉਨ੍ਹਾਂ ਕਿਹਾ ਕਿ ਹਸਪਤਾਲ ਵੀ ਮੰਦਰ ਵਾਂਗ ਹੁੰਦਾ ਹੈ ਜਿੱਥੇ ਮਰੀਜ਼ ਨੂੰ ਵਿਸ਼ਵਾਸ ਹੋਣਾ ਚਾਹੀਦਾ ਹੈ ਕਿ ਉਸ ਦਾ ਇਲਾਜ ਚੰਗਾ ਹੋਵੇਗਾ। ਇਸ ਮੌਕੇ ਕਰਨਾਲ ਦੇ ਵਿਧਾਇਕ ਜਗਮੋਹਨ ਆਨੰਦ ਨੇ ਕਿਹਾ ਕਿ ਮੁੱਖ ਮੰਤਰੀ ਦੇ 2026-27 ਦੇ ਬਜਟ ਭਾਸ਼ਣ ਵਿੱਚ ਜ਼ਿਲ੍ਹਾ ਹਸਪਤਾਲਾਂ ਵਿੱਚ ਅੰਮ੍ਰਿਤ ਫਾਰਮੇਸੀ ਖੋਲ੍ਹਣ ਦਾ ਐਲਾਨ ਅੱਜ ਪੂਰਾ ਹੋਇਆ ਹੈ ਅਤੇ ਅੱਜ 16 ਜ਼ਿਲ੍ਹਿਆਂ ਵਿੱਚ ਸਟੋਰ ਖੁੱਲ੍ਹੇ ਹਨ, ਬਾਕੀ ਜ਼ਿਲ੍ਹਿਆਂ ਵਿੱਚ ਵੀ ਜਲਦ ਖੁੱਲ੍ਹਣਗੇ। ਮੇਅਰ ਰੇਣੂ ਬਾਲਾ ਗੁਪਤਾ ਨੇ ਕਿਹਾ ਕਿ ਇਹ ਪ੍ਰਧਾਨ ਮੰਤਰੀ ਜਨ ਔਸ਼ਧੀ ਵਰਗੀ ਭਲਾਈ ਪਹਿਲ ਨੂੰ ਅੱਗੇ ਵਧਾਉਣ ਵਾਲਾ ਕਦਮ ਹੈ ਅਤੇ ਡਾਕਟਰਾਂ ਨੂੰ ਹਰ ਲੋੜਵੰਦ ਮਰੀਜ਼ ਨੂੰ ਇਸ ਦੀ ਜਾਣਕਾਰੀ ਦੇਣੀ ਚਾਹੀਦੀ ਹੈ। ਪ੍ਰੋਗਰਾਮ ਵਿੱਚ ਕੇਂਦਰੀ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵਰਚੁਅਲ ਤੌਰ 'ਤੇ 16 ਕੇਂਦਰਾਂ ਦਾ ਉਦਘਾਟਨ ਕੀਤਾ।

ਪੀਐਮਓ ਡਾ. ਸਰਿਤਾ ਬਿਸ਼ਨੋਈ ਨੇ ਸਵਾਗਤ ਕੀਤਾ ਅਤੇ ਸਿਵਲ ਸਰਜਨ ਡਾ. ਸ਼ਸ਼ੀ ਗਰਗ ਨੇ ਧੰਨਵਾਦ ਕੀਤਾ। ਇਸ ਮੌਕੇ ਐਸਡੀਐਮ ਦੇਵਿੰਦਰ ਸ਼ਰਮਾ, ਡੀਆਈਪੀਆਰਓ ਸੁਰਿਆਵਾਨ ਮਹੀਵਾਲ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

ਆਪਣੀ ਸੁਰੱਖਿਆ ਬਚਾਓ ਲਈ ਟ੍ਰੇਨਿੰਗਾਂ ਅਭਿਆਸ ਅਤੇ ਆਤਮ ਰੱਖਿਅਕ ਪ੍ਰਦਰਸ਼ਨ ਜ਼ਰੂਰੀ : ਐਸ.ਐਚ. ਸਦੀਕੀ

ਪੈ.ਗਾਮ-ਏ-ਜਗਤ
ਪਟਿਆਲਾ, (ਕਾਕਾ ਰਾਮ ਵਰਮਾ)

ਦੇਸ਼, ਦੁਨੀਆਂ ਦੇ ਨਾਗਰਿਕ, ਬੱਚੇ, ਨੌਜਵਾਨ ਤਰਾਂ ਤਰਾਂ ਦੇ ਰਸਾਇਣਕ, ਪ੍ਰਮਾਣੂ, ਐਟਮੀ, ਬਾਰੂਦ, ਬਿਜਲੀ, ਪੈਟਰੋਲੀਅਮ, ਅੱਗਾਂ, ਧੂੰਏਂ, ਗੈਸਾਂ ਨਾਲ ਤਬਾਹੀਆਂ ਕਰਨ ਵਾਲੇ ਪਦਾਰਥਾਂ ਤੇ ਜ਼ਿੰਦਗੀ ਬਤੀਤ ਕਰ ਰਹੇ ਹਨ ਪਰ ਉਨ੍ਹਾਂ ਨੂੰ ਆਪਣੀ ਸੁਰੱਖਿਆ, ਬਚਾਓ ਅਤੇ ਪੀੜਤਾਂ ਦੀ ਸਹਾਇਤਾ ਕਰਨ ਦੀ ਟ੍ਰੇਨਿੰਗਾਂ, ਅਭਿਆਸ, ਫਸਟ ਏਡ, ਫਾਇਰ ਸੇਫਟੀ ਦੇ ਲੋੜੀਂਦੇ ਸਾਮਾਨ ਦੀ ਠੀਕ ਵਰਤੋਂ ਅਤੇ ਪੀੜਤਾਂ ਨੂੰ ਰੈਸਕਿਯੂ ਟਰਾਂਸਪੋਰਟ ਕਰਨ ਦੀਆਂ ਟ੍ਰੇਨਿੰਗਾਂ, ਅਭਿਆਸ ਨਹੀਂ ਹੁੰਦੇ। ਅਣਗਹਿਲੀਆਂ, ਲਾਪਰਵਾਹੀਆਂ ਅਤੇ ਨਾਸਮਝੀ ਕਾਰਨ ਹਾਦਸੇ, ਦੁਰਘਟਨਾਵਾਂ, ਵਧਦੀਆਂ ਜਾ ਰਹੀਆਂ ਹਨ।



ਮੌਕੇ ਤੇ ਪੀੜਤਾਂ ਨੂੰ ਬਚਾਉਣ ਲਈ ਠੀਕ ਫਸਟ ਏਡ, ਰੈਸਕਿਯੂ ਟਰਾਂਸਪੋਰਟ ਕਰਨ ਦੀ ਟ੍ਰੇਨਿੰਗਾਂ ਅਭਿਆਸ ਨਹੀਂ ਹੁੰਦੇ। ਇਹ ਵਿਚਾਰ ਨੈਸ਼ਨਲ ਸਮਾਲ ਇੰਡਸਟਰੀ ਕਾਰਪੋਰੇਸ਼ਨ ਲਿਮਟਿਡ ਦੇ ਸੀਨੀਅਰ ਮੈਨੈਜਰ ਸ਼੍ਰੀ ਐਸ ਐਚ ਸਦੀਕੀ ਸੀਨੀਅਰ ਜਨਰਲ ਮੈਨੇਜਰ ਨੇ ਟ੍ਰੇਨਿੰਗ ਸੇਂਟਰ ਵਿਖੇ ਕਰਵਾਏ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਬਾਰੇ ਟ੍ਰੇਨਿੰਗ ਮਗਰੋਂ ਭਾਰਤ ਦੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਸ਼੍ਰੀ ਕਾਕਾ ਰਾਮ ਵਰਮਾ ਵਲੋਂ ਵਿਦਿਆਰਥੀਆਂ ਨੂੰ ਕੁਦਰਤੀ, ਮੌਸਮੀ, ਮਨੁੱਖੀ ਆਫ਼ਤਾਵਾ, ਜੰਗਾਂ, ਘਰਾਂ , ਸੰਸਥਾਵਾਂ ਵਿਉਪਾਰਕ ਅਦਾਰਿਆਂ ਵਿਖੇ ਵਾਪਰਨ ਵਾਲੀਆਂ ਘਟਨਾਵਾਂ ਦੇ ਕਾਰਨਾਂ ਅਤੇ ਐਮਰਜੈਂਸੀ ਦੌਰਾਨ ਆਪਣੇ ਬਚਾਉ, ਬਾਰੇ ਟ੍ਰੇਨਿੰਗਾਂ ਦਿੱਤੀਆਂ। ਸੀਨੀਅਰ ਅਧਿਕਾਰੀ ਸ਼੍ਰੀ ਪੀ ਪੀ ਸਿੰਘ, ਜੋਗਿੰਦਰ ਸਿੰਘ, ਰਾਹੁਲ ਸੈਣੀ, ਸੋਰਭ ਸ਼ਰਮਾ ਅਤੇ ਯਸ਼ਪਾਲ, ਡਿਪਟੀ ਮੈਨੈਜਰ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੈਕਟਿਕਲ ਟ੍ਰੇਨਿੰਗਾਂ, ਸਕੂਲੀ ਅਤੇ ਸਿਖਿਆ ਸੰਸਥਾਵਾਂ ਆਈ ਟੀ ਆਈ ਵਿਖੇ ਲਗਾਤਾਰ ਕਰਵਾਈਆਂ ਜਾਣ ਕਿਉਂਕਿ ਸਿਖਿਆ ਸੰਸਥਾਵਾਂ ਛੱਡਣ ਮਗਰੋਂ ਇਸ ਤਰ੍ਹਾਂ ਦੀਆਂ ਟ੍ਰੇਨਿੰਗਾਂ, ਅਭਿਆਸ ਨਹੀਂ ਕਰਵਾਏ ਜਾਂਦੇ। ਜਦਕਿ ਮੈਡੀਕਲ ਅਤੇ ਫਾਇਰ ਬ੍ਰਿਗੇਡ ਸੇਵਾਵਾਂ ਨਾਲੋਂ ਫਸਟ ਏਡ, ਫਾਇਰ ਸੇਫਟੀ ਦੇ ਕਾਰਜ਼ ਕਰਕੇ ਵੱਧ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਇਆ ਜਾ ਸਕਦਾ ਹੈ।

10 ਕਿਲੋ 220 ਗ੍ਰਾਮ ਚੂਰਾ-ਪੋਸਤ ਬਰਾਮਦਗੀ ਦੇ ਮਾਮਲੇ ਵਿੱਚ ਕਰਨਾਲ ਪੁਲਿਸ ਦੀ ਕਾਰਵਾਈ, ਨਸ਼ਾ ਸਪਲਾਇਰ ਇੱਕ ਹੋਰ ਮੁਲਜ਼ਮ ਗ੍ਰਿਫਤਾਰ

- **ਮੁੱਖ ਮੁਲਜ਼ਮ ਤੋਂ ਪੁੱਛਗਿੱਛ ਵਿੱਚ ਹੋਇਆ ਸੀ ਖੁਲਾਸਾ, ਨੀਮਕਾ ਜੇਲ੍ਹ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ 7 ਦਿਨ ਦੇ ਪੁਲਿਸ ਰਿਮਾਂਡ 'ਤੇ ਲਿਆ**

ਪੈ.ਗਾਮ-ਏ-ਜਗਤ/ਕਰਨਾਲ
20 ਨਵੰਬਰ, (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਾ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਨਸ਼ਾ ਤਸਕਰੀ 'ਤੇ ਰੋਕ ਲਗਾਉਣ ਅਤੇ ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਮੁਲਜ਼ਮਾਂ ਖਿਲਾਫ ਲਗਾਤਾਰ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਸਪੈਸ਼ਲ ਯੂਨਿਟ ਅਸੰਧ ਇੰਚਾਰਜ ਸਲਿੰਦਰ ਦੀ ਟੀਮ ਨੇ ਐਨਡੀਪੀਐਸ ਐਕਟ ਦੇ ਇੱਕ ਮਾਮਲੇ ਵਿੱਚ ਕਾਰਵਾਈ ਕਰਦਿਆਂ ਨਸ਼ਾ ਸਪਲਾਈ ਕਰਨ ਦੇ ਦੋਸ਼ ਵਿੱਚ ਇੱਕ ਹੋਰ ਮੁਲਜ਼ਮ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਸਬ ਇੰਸਪੈਕਟਰ ਦਲਸ਼ੇਰ ਸਿੰਘ ਨੇ ਦੱਸਿਆ ਕਿ ਮਿਤੀ 30 ਜੁਲਾਈ 2026 ਨੂੰ ਪੁਲਿਸ ਟੀਮ ਨੇ ਸ਼ੱਕ ਦੇ ਆਧਾਰ 'ਤੇ ਮੁਲਜ਼ਮ ਕਾਬਲ ਸਿੰਘ ਪੁੱਤਰ ਮਲੂਕ ਸਿੰਘ ਵਾਸੀ ਪਿੰਡ ਬਿਲੌਣਾ, ਥਾਣਾ ਅਸੰਧ, ਜ਼ਿਲ੍ਹਾ ਕਰਨਾਲ ਦੀ ਤਲਾਸ਼ੀ ਲਈ ਸੀ।

ਤਲਾਸ਼ੀ ਦੌਰਾਨ ਮੁਲਜ਼ਮ ਦੇ ਕਬਜ਼ੇ ਵਿੱਚੋਂ ਇੱਕ ਨੀਲੇ ਰੰਗ ਦੇ ਪਲਾਸਟਿਕ ਕੱਟੇ ਵਿੱਚ ਰੱਖਿਆ 10 ਕਿਲੋ 220 ਗ੍ਰਾਮ ਚੂਰਾ-ਪੋਸਤ ਬਰਾਮਦ ਹੋਇਆ ਸੀ। ਪੁਲਿਸ ਵੱਲੋਂ ਨਿਯਮਾਂ ਅਨੁਸਾਰ ਕਾਰਵਾਈ ਕਰਦਿਆਂ ਮੁਲਜ਼ਮ ਕਾਬਲ ਸਿੰਘ ਖਿਲਾਫ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

ਮਾਮਲੇ ਦੀ ਅਗਲੀ ਜਾਂਚ ਦੌਰਾਨ ਮੁੱਖ ਮੁਲਜ਼ਮ ਕਾਬਲ ਸਿੰਘ ਤੋਂ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਵਿੱਚ ਮੁਲਜ਼ਮ ਨੇ ਖੁਲਾਸਾ ਕੀਤਾ ਕਿ ਉਸ ਨੇ ਬਰਾਮਦ ਚੂਰਾ-ਪੋਸਤ ਸੰਜੇ ਕੁਮਾਰ ਪੁੱਤਰ ਸਵਰਗੀ ਚੰਦਰਭਾਨ ਵਾਸੀ ਪਿੰਡ ਕਮਾਲਵਾਲਾ, ਥਾਣਾ ਸ਼ਹਿਰ ਟੋਹਾਣਾ, ਜ਼ਿਲ੍ਹਾ ਫਤਿਹਾਬਾਦ ਤੋਂ ਵਟਸਐਪ ਦੇ ਮਾਧਿਅਮ ਰਾਹੀਂ ਗੱਲਬਾਤ ਕਰਕੇ ਖਰੀਦਿਆ ਸੀ।

ਪੁਲਿਸ ਵੱਲੋਂ ਮਾਮਲੇ ਵਿੱਚ ਮੁਲਜ਼ਮ ਸੰਜੇ ਕੁਮਾਰ ਦੀ ਸ਼ਮੂਲੀਅਤ ਨਾਲ ਸਬੰਧਤ ਤੱਥਾਂ ਅਤੇ ਸਬੂਤਾਂ ਦੀ ਜਾਂਚ ਕੀਤੀ ਗਈ। ਜਾਂਚ ਵਿੱਚ ਉਸ ਖਿਲਾਫ ਗ੍ਰਿਫਤਾਰੀ ਯੋਗ ਸਬੂਤ ਸਾਹਮਣੇ ਆਉਣ 'ਤੇ ਸਪੈਸ਼ਲ ਯੂਨਿਟ ਅਸੰਧ ਦੀ ਟੀਮ ਨੇ ਮੁਲਜ਼ਮ ਸੰਜੇ ਕੁਮਾਰ ਨੂੰ ਨੀਮਕਾ ਜੇਲ੍ਹ, ਜ਼ਿਲ੍ਹਾ ਫਰੀਦਾਬਾਦ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਗ੍ਰਿਫਤਾਰ ਕੀਤਾ। ਪੁਲਿਸ ਵੱਲੋਂ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰ 7 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਗ੍ਰਿਫਤਾਰ ਮੁਲਜ਼ਮ ਦੀ ਪਛਾਣ ਸੰਜੇ ਕੁਮਾਰ ਪੁੱਤਰ ਸਵਰਗੀ ਚੰਦਰਭਾਨ ਵਾਸੀ ਪਿੰਡ ਕਮਾਲਵਾਲਾ, ਥਾਣਾ ਸ਼ਹਿਰ ਟੋਹਾਣਾ, ਜ਼ਿਲ੍ਹਾ ਫਤਿਹਾਬਾਦ ਵਜੋਂ ਹੋਈ ਹੈ। ਪੁਲਿਸ ਰਿਮਾਂਡ ਦੌਰਾਨ ਮੁਲਜ਼ਮ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਤਾਂ ਜੋ ਚੂਰਾ-ਪੋਸਤ ਦੀ ਖਰੀਦ-ਫਰੋਖਤ ਨਾਲ ਜੁੜੇ ਹੋਰ ਲੋਕਾਂ, ਨਸ਼ੇ ਦੀ ਸਪਲਾਈ ਦੇ ਸਰੋਤ ਅਤੇ ਇਸ ਗੈਰ-ਕਾਨੂੰਨੀ ਕਾਰੋਬਾਰ ਦੇ ਨੈਟਵਰਕ ਸਬੰਧੀ ਜਾਣਕਾਰੀ ਜੁਟਾਈ ਜਾ ਸਕੇ। ਕਰਨਾਲ ਪੁਲਿਸ ਆਮ ਜਨਤਾ ਨੂੰ ਅਪੀਲ ਕਰਦੀ ਹੈ ਕਿ ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਦੀ ਸੂਚਨਾ ਪੁਲਿਸ ਨੂੰ ਦੇਣ। ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ ਅਤੇ ਨਸ਼ਾ ਤਸਕਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਵਾਰਡ ਨੰਬਰ 48 ਰਾਜ ਕੁਮਾਰ ਰਾਜੂ ਸਾਹਨੀ ਨੂੰ ਭਾਰੀ ਸਮੱਰਥਨ : ਬਲਵਿੰਦਰ ਸਿੰਘ ਬੋਬੀ

ਪਟਿਆਲਾ, 20 ਨਵੰਬਰ
(ਪੈ.ਗਾਮ-ਏ-ਜਗਤ)

ਨਗਰ ਨਿਗਮ ਪਟਿਆਲਾ ਦੀਆਂ ਚੋਣਾਂ ਲਈ 30 ਵਾਰਡਾਂ ਦੀ ਮੂੜ ਚੋਣ 28 ਨਵੰਬਰ ਨੂੰ ਹੋਣ ਜਾ ਰਹੀ ਹੈ।

ਵਾਰਡ ਨੰਬਰ 48 ਵਿੱਚ ਪੁਰਾਣਾ ਬਾਰੂਦ ਖਾਨਾ ਵਿੱਚ ਐਮ ਸੀ ਦੀ ਚੋਣ ਨੂੰ ਲੈਕੇ ਇੱਕ ਨੁਕੜ ਮਿਟਿੰਗ ਕੀਤੀ ਗਈ ਜਿਸ ਵਿੱਚ ਰਾਜੂ ਸਾਹਨੀ ਦਾ ਸਮੱਰਥਨ ਕੀਤਾ ਗਿਆ ਮਹੱਲਾ ਨਿਵਾਸੀਆਂ ਨੇ ਪੂਰਨ ਵਿਸ਼ਵਾਸ ਦੁਆਇਆ 28 ਤਾਰੀਕ ਨੂੰ ਵੱਧ ਤੋਂ ਵੱਧ ਵੋਟਾਂ ਪਾਕੇ ਕਾਮਯਾਬ ਕਰਨਾ ਹੈ ਇਹ ਕਿਹਾ ਬਲਵਿੰਦਰ ਬੋਬੀ ਇਸ ਮੌਕੇ ਗਿਆਨ ਜਯੋਤੀ ਐਜੂਕੇਸ਼ਨ



ਸੁਸਾਇਟੀ ਦੇ ਪ੍ਰਧਾਨ ਤੇ ਉਘੇ ਸਮਾਜ ਸੇਵੀ ਉਪਕਾਰ ਸਿੰਘ ਦੀ ਅਗਵਾਈ ਵਿੱਚ ਇਹ ਮਿੰਟਿਗ ਹੋਈ ਇਸ ਮਿੰਟਿੰਗ ਵਿੱਚ ਗੁਰਚਰਨ ਸਿੰਘ ਕਾਲਾ,ਪ੍ਰੀਤਮ ਸਿੰਘ ਜਸਪਾਲ ਸਿੰਘ ਖਾਲਸਾ,ਵਿੱਕੀ ਸਿੰਘ ਜਸਵੰਤ ਸਿੰਘ ਮਹੱਲਾ ਸਿੱਖਾਂ ਤੋਂ, ਗੁਰਿੰਦਰ ਸਿੰਘ ਸਾਬਕਾ ਪ੍ਰਧਾਨ ਸ਼ਮਸ਼ੇਰ ਦੱਲ, ਸੰਜੇ ਕੰਬੋਜ, ਬਲਦੇਵ ਕਿਸ਼ਨ, ਅਵਤਾਰ ਸਿੰਘ,ਕੁਲਵੰਤ ਕੋਰ, ਤੀਰਥ ਕੋਰ ਇਹਨਾਂ ਸਭ ਨੇ ਕਿਹਾ ਰਾਜੂ ਸਾਹਨੀ ਸਾਡਾ ਆਪਣਾ ਉਮੀਦਵਾਰ ਹੈ।

ਰਾਜੂ ਸਾਹਨੀ ਨੇ ਦੱਸਿਆ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜ ਕਾਲ ਵਿੱਚ ਸਾਰੀਆਂ ਗਰੰਟੀਆ ਪੂਰੀਆਂ ਕੀਤੀਆਂ ਉਹਨਾਂ ਕਿਹਾ ਮੈਂ 48 ਨ ਵਾਰਡ ਦਾ ਜੰਮਪਲ ਹਾਂ ਅਤੇ ਵਾਰਡ ਦੀਆਂ ਸਮੱਸਿਆਂਵਾਂ ਤੇ ਲੋਕਾਂ ਦੀਆਂ ਲੋੜਾਂ ਤੋਂ ਭਲੀਭਾਂਤ ਜਾਣੂ ਹਾਂ।

ਅਤੁਲ ਸ਼ਰਮਾ ਬਣੇ ਭਾਜਪਾ ਪੰਜਾਬ ਇੰਡਸਟਰੀ ਸੈੱਲ ਦੇ ਸਹਿ-ਕਨਵੀਨਰ

- **ਉਦਯੋਗਿਕ ਵਿਕਾਸ ਅਤੇ ਜਨ ਕਲਿਆਣ ਲਈ ਪੂਰੀ ਸਮਰਪਣ ਭਾਵਨਾ ਨਾਲ ਕੰਮ ਕਰਨ ਦਾ ਦਿੱਤਾ ਭਰੋਸਾ**

ਮੋਹਾਲੀ, ( )

ਭਾਰਤੀ ਜਨਤਾ ਪਾਰਟੀ ਵੱਲੋਂ ਸੰਗਠਨਾਤਮਕ ਜ਼ਿੰਮੇਵਾਰੀ ਸੌਂਪਦਿਆਂ ਪ੍ਰਮੁੱਖ ਉਦਯੋਗਪਤੀ ਅਤੇ ਸਮਾਜ ਸੇਵੀ ਅਤੁਲ ਸ਼ਰਮਾ ਨੂੰ ਭਾਜਪਾ ਪੰਜਾਬ ਇੰਡਸਟਰੀ ਸੈੱਲ ਦਾ ਸਹਿ-ਕਨਵੀਨਰ ਨਿਯੁਕਤ ਕੀਤਾ ਗਿਆ ਹੈ।

ਅਤੁਲ ਸ਼ਰਮਾ ਸਾਲ 2004 ਤੋਂ ਲਗਾਤਾਰ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਸਰਗਰਮ ਹਨ। ਉਨ੍ਹਾਂ ਨੂੰ ਸਮਾਜਿਕ ਕਾਰਜਾਂ ਅਤੇ ਜਨ ਸੰਪਰਕ ਦਾ ਦੋ ਦਹਾਕਿਆਂ ਤੋਂ ਵੱਧ ਦਾ ਤਜਰਬਾ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਹਾਲ ਹੀ ਵਿੱਚ ਮੋਹਾਲੀ ਨਗਰ ਨਿਗਮ ਚੋਣਾਂ ਵਿੱਚ ਵਾਰਡ ਨੰਬਰ 50 ਤੋਂ ਚੋਣ ਵੀ ਲੜੀ ਸੀ।

ਆਪਣੀ ਨਿਯੁਕਤੀ 'ਤੇ ਖੁਸ਼ੀ ਅਤੇ ਧੰਨਵਾਦ ਪ੍ਰਗਟ ਕਰਦਿਆਂ ਅਤੁਲ ਸ਼ਰਮਾ ਨੇ ਭਾਜਪਾ ਦੇ ਸੀਨੀਅਰ ਆਗੂਆਂ, ਸੂਬਾ ਅਤੇ ਜ਼ਿਲ੍ਹਾ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਭਰੋਸਾ ਜਤਾਉਂਦਿਆਂ ਜੋ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ।



ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ, ਉਦਯੋਗਪਤੀਆਂ ਅਤੇ ਵਪਾਰਕ ਵਰਗ ਦੀਆਂ ਸਮੱਸਿਆਵਾਂ ਨੂੰ ਪਾਰਟੀ ਲੀਡਰਸ਼ਿਪ ਤੱਕ ਪਹੁੰਚਾਉਣ ਅਤੇ ਪਾਰਟੀ ਸੰਗਠਨ ਨੂ

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ

ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਖਾਟੂਸ਼ਾਮ ਤੇ ਸਾਲਾਸਰ ਲਈ ਹਰੀ ਝੰਡੀ ਦੇ ਕੇ ਫੂਲਰਾਜ ਸਿੰਘ ਕੀਤਾ ਬੱਸ ਨੂੰ ਰਵਾਨਾ

ਮੋਹਾਲੀ 20 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਅੱਜ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਮੋਹਾਲੀ ਤੋਂ ਇੱਕ ਬੱਸ ਰਵਾਨਾ ਕੀਤੀ ਗਈ, ਆਮ ਆਦਮੀ ਪਾਰਟੀ ਦੇ ਕੌਂਸਲਰ-ਅਰਵਿੰਦਰ ਕੌਰ ਦੀ ਅਗਵਾਈ ਹੇਠ ਖਾਟੂਸ਼ਾਮ ਅਤੇ ਸਾਲਾਸਰ ਦੇ ਦਰਸ਼ਨਾਂ ਲਈ ਰਵਾਨਾ ਹੋਈ ਇਸ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਮੋਹਾਲੀ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ- ਫੂਲਰਾਜ ਸਿੰਘ ਹੋਰਾਂ ਵੱਲੋਂ ਹਰੀ ਝੰਡੀ ਦਿੱਤੀ ਗਈ, ਇਸ ਮੌਕੇ ਤੇ ਕੌਂਸਲਰ ਅਰਵਿੰਦਰ ਕੌਰ ਤੋਂ ਇਲਾਵਾ ਜਸਪਾਲ ਸਿੰਘ, ਐਡਵੋਕੇਟ ਸੁਧੀਰ ਸਿੰਘ, ਨਵੀਨ ਗੈਰੀ ਸਮੇਤ ਇਲਾਕੇ ਦੇ ਮੁਹਤਰਮ ਵਿਅਕਤੀ ਵੀ ਮੌਜੂਦ ਰਹੇ, ਬੱਸ ਨੂੰ ਹਰੀ ਝੰਡੀ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ-ਫੂਲਰਾਜ ਸਿੰਘ ਨੇ ਕਿਹਾ ਕਿ ਅੱਜ ਸਾਲਾਸਰ, ਖਾਟੂਸ਼ਾਮ ਦੇ ਦਰਸ਼ਨਾਂ ਲਈ ਜਾ ਰਹੇ ਇਹਨਾਂ ਸ਼ਰਧਾਲੂਆਂ ਦੇ ਚਿਹਰੇ ਤੇ ਵੇਖੀ ਜਾ ਰਹੀ ਖੁਸ਼ੀ ਅਤੇ ਤਸੱਲੀ



ਇਸ ਗੱਲ ਦੀ ਗਵਾਹ ਹੈ ਕਿ ਮੋਹਾਲੀ ਹਲਕੇ ਸਮੇਤ ਸਮੁੱਚੇ ਪੰਜਾਬ ਦੇ ਸੀਨੀਅਰ ਸਿਟੀਜਨ ਭਗਵੰਤ ਸਿੰਘ ਮਾਨ ਹੋਰਾਂ ਦੀ ਤਰਫੋਂ ਸ਼ੁਰੂ ਕੀਤੀ ਗਈ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਡਾਹਢੇ ਖੁਸ਼ ਹਨ, ਅੱਜ ਮੋਹਾਲੀ ਤੋਂ ਜਾ ਰਹੇ ਸੀਨੀਅਰ ਸਿਟੀਜਨ ਸ਼ਰਧਾਲੂਆਂ ਦੇ ਕਾਫਲੇ ਵਿੱਚੋਂ ਕਈਆਂ ਨੇ ਵਿਧਾਇਕ ਕੁਲਵੰਤ ਸਿੰਘ ਨਾਲ ਫੋਨ ਤੇ ਰਾਬਤਾ ਕਰਕੇ ਉਹਨਾਂ ਦਾ ਅਤੇ ਵਿਸ਼ੇਸ਼ ਤੌਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦਾ ਧੰਨਵਾਦ ਵੀ ਕੀਤਾ, ਉਹਨਾਂ ਕਿਹਾ ਕਿ ਇਹਨਾਂ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਤੇ ਜਾਣ ਅਤੇ ਆਉਣ ਵੇਲੇ ਪੰਜਾਬ ਸਰਕਾਰ ਦੀ ਤਰਫੋਂ ਦਿੱਤੀਆਂ ਗਈਆਂ ਸਹੂਲਤਾਂ ਦੇ ਬਾਰੇ ਵਿੱਚ ਜਾਣਕਾਰੀ ਦੇ ਦਿੱਤੀ ਗਈ ਹੈ ਅਤੇ ਯਾਤਰਾ ਦੇ ਦੌਰਾਨ ਇਹਨਾਂ ਸ਼ਰਧਾਲੂਆਂ ਦੇ ਨਾਲ ਉਚੇਚੇ ਤੌਰ ਤੇ ਗਾਈਡ ਵੀ ਉਪਲਬਧ ਰਹੇਗਾ, ਜੋ ਕਿ ਇਹਨਾਂ ਨੂੰ ਖਾਟੂਸ਼ਾਮ, ਸਾਲਾਸਰ ਅਤੇ ਜਿੱਥੇ -ਜਿੱਥੇ ਵੀ ਇਹ ਸ਼ਰਧਾਲੂ ਦਰਸ਼ਨ ਕਰਨ ਦੇ ਲਈ ਤੀਰਥ ਯਾਤਰਾ ਤੇ ਦੌਰਾਨ ਜਾਣਗੇ, ਉਹਨਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਵੀ ਮੁਹਈਆ ਕਰਵਾਵੇਗਾ।

ਸਟੇਟ ਐਵਾਰਡੀ ਅਤੇ ਹਲਕਾ ਕੋਆਰਡੀਨੇਟਰ-ਫੂਲਰਾਜ ਸਿੰਘ ਨੇ ਕਿਹਾ ਕਿ ਜਿਹੜੇ ਵਿਰੋਧੀ ਪਾਰਟੀ ਦੇ ਨੇਤਾ-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੇ ਸਵਾਲ ਉਠਾਉਂਦੇ ਹਨ, ਉਹਨਾਂ ਨੂੰ ਅੱਜ ਇਸ ਜਗ?ਹਾ ਤੇ ਪਹੁੰਚ ਕੇ ਸ਼ਰਧਾਲੂਆਂ ਨਾਲ ਸਿੱਧੇ ਤੌਰ ਤੇ ਗੱਲ ਕਰਨੀ ਚਾਹੀਦੀ ਹੈ। ਯਾਤਰਾ ਵਾਪਸੀ ਉਪਰੰਤ ਵੀ ਯਾਤਰਾ ਨਾਲ ਸੰਬੰਧਿਤ ਤਜਰਬਿਆਂ ਨੂੰ ਸਾਂਝਾ ਕਰਨਾ ਚਾਹੀਦਾ ਹੈ ਅਤੇ ਇਸ ਗੱਲ ਨੂੰ ਆਪਣੇ ਜ਼ਿਹਨ ਵਿੱਚ ਚੰਗੀ ਤਰ੍ਹਾਂ ਵਸਾ ਲੈਣਾ ਚਾਹੀਦਾ ਹੈ ਕਿ ਪੰਜਾਬ ਦੇ ਲੋਕੀ ਭਗਵੰਤ ਸਿੰਘ ਮਾਨ ਦੀ ਸਰਕਾਰ ਤੋਂ ਬਿਲਕੁਲ ਪੂਰੀ ਤਰਹਾਂ ਸੰਤੁਸ਼ਟ ਹਨ ਅਤੇ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਦੀਆਂ ਮੋਮੋ- ਠਗਣੀਆਂ ਗੱਲਾਂ ਦੇ ਵਿੱਚ ਨਹੀਂ ਆਉਣਗੇ, ਫੂਲਰਾਜ ਸਿੰਘ ਹੋਰਾਂ ਕਿਹਾ ਕਿ ਇਹ ਗੱਲ ਪੂਰੀ ਤਰਹਾਂ ਸਪਸ਼ਟ ਹੋ ਚੁੱਕੀ ਹੈ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਜੀ ਹੋਰਾਂ ਵੱਲੋਂ ਸੂਬੇ ਦੇ ਲੋਕਾਂ ਨਾਲ ਜੋ -ਜੋ ਵੀ ਗਾਰੰਟੀਆਂ ਆਮ ਆਦਮੀ ਪਾਰਟੀ ਦੇ ਸਰਕਾਰ ਦੇ ਆਉਣ ਤੋਂ ਬਾਅਦ ਪੂਰੇ ਕਰਨ ਲਈ ਕਿਹਾ ਗਿਆ ਸੀ, ਉਹਨਾਂ ਸਭਨਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੀ ਤਰਫੋਂ ਅਮਲੀ ਜਾਮਾ ਪਹਿਨਾ ਦਿੱਤਾ ਗਿਆ ਹੈ ਅਤੇ ਉਸ ਤੋਂ ਵੀ ਅਗਾਂਹ ਸੂਬੇ ਵਿੱਚ ਲੋਕ ਪੱਖੀ ਸਕੀਮਾਂ ਨੂੰ ਲਗਾਤਾਰ ਲਾਗੂ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਜੋ-ਜੋ ਵੀ ਰੋਜ਼ ਮਰਾ ਵਿੱਚ ਸਮੱਸਿਆਵਾਂ ਨਾਲ ਜੂਝਣਾ ਪੈਂਦਾ ਹੈ, ਉਹਨਾਂ ਦਾ ਵੀ ਪੱਕਾ ਹੱਲ ਕੀਤਾ ਜਾ ਰਿਹਾ ਹੈ, ਉਹਨਾਂ ਕਿਹਾ ਕਿ ਅੱਜ ਕਿਸੇ ਵੀ ਪੰਜਾਬੀ ਭਰਾ ਨੂੰ ਆਪਣੇ ਕੰਮਾਂ ਦੇ ਲਈ ਸਰਕਾਰੇ- ਦਰਬਾਰੇ ਖੱਜਲ ਖੁਆਰ ਨਹੀਂ ਹੋਣਾ ਪੈਂਦਾ, ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੁਆਰਾ ਚੁਣੀ ਗਈ, ਲੋਕਾਂ ਦੀ ਹੀ ਸਰਕਾਰ ਹੈ ਅਤੇ ਸਰਕਾਰ ਵੱਲੋਂ ਲੋਕਾਂ ਦੇ ਕੰਮਾਂ ਨੂੰ ਹੀ ਪਹਿਲ ਦੇ ਆਧਾਰ ਤੇ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਲਾਇਨਜ਼ ਕਲੱਬ, ਮੋਹਾਲੀ ਦਿਸ਼ਾ ਅਤੇ ਲਿਓ ਕਲੱਬ ਮੋਹਾਲੀ ਸਮਾਇਲਿੰਗ ਵੱਲੋਂ ਸੈਂਟ ਲੂਇਸ ਪਬਲਿਕ ਸਕੂਲ ਸੋਹਾਣਾ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਦਾ ਆਯੋਜਨ

ਪੈ.ਗਾਮ-ਏ-ਜਗਤ/ਮੋਹਾਲੀ
(ਹਰਮਿੰਦਰ ਸਿੰਘ ਨਾਗਪਾਲ)



ਲਾਇਨਜ਼ ਕਲੱਬ ਮੋਹਾਲੀ ਐਸ.ਏ.ਐਸ. ਨਗਰ, ਮੋਹਾਲੀ ਦਿਸ਼ਾ ਅਤੇ ਲਿਓ ਕਲੱਬ ਮੋਹਾਲੀ ਸਮਾਇਲਿੰਗ ਵੱਲੋਂ ਨੀਰਜ ਫਾਊਂਡੇਸ਼ਨ ਫੈਮਲੀ ਟਰਸਟ (ਯੂ.ਕੇ.) ਵੱਲੋਂ ਉਮਾ ਸ਼ਰਮਾ ਜੀ ਅਤੇ ਵੀਨਸ ਮਾਨ ਦੇ ਸਹਿਯੋਗ ਨਾਲ ਸੈਂਟ ਲੂਇਸ ਪਬਲਿਕ ਸਕੂਲ, ਸੋਹਾਣਾ, ਮੋਹਾਲੀ ਵਿਖੇ ਅੱਖਾਂ ਦੀ ਜਾਂਚ ਇਵੈਂਟ ਦਾ ਆਯੋਜਨ ਕੀਤਾ ਗਿਆ। ਜਿਸ ਦਾ ਮਕਸਦ ਅੱਖਾਂ ਦੀ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਅਤੇ ਸਾਡੇ ਪ੍ਰਮੁੱਖ ਗਲੋਬਲ ਕਾਰਨ – ਵਿਜ਼ਨ – ਇੱਕ ਅੱਖਾਂ ਦੀ ਜਾਂਚ ਕੈਂਪ ਵਿੱਚ ਯੋਗਦਾਨ ਪਾਉਣਾ ਹੈ।

ਇਹ ਸਹਿਯੋਗੀ ਚੈਰੀਟੇਬਲ ਇਵੈਂਟ ਜੇ.ਪੀ. ਆਈ ਹਸਪਤਾਲ (ਅਗਰਵਾਲ ਟਰਸਟ), ਫੇਜ਼-7, ਮੋਹਾਲੀ ਦੇ ਇੰਚਾਰਜ ਡਾ. ਜੇ.ਪੀ. ਸਿੰਘ ਦੀ ਟੀਮ ਵੱਲੋਂ ਫਰੀ ਅੱਖਾਂ ਦੇ ਚੈਕ-ਅੱਪ ਕੈਂਪ ਵਜੋਂ ਆਯੋਜਿਤ ਕੀਤਾ ਗਿਆ।

ਇਸ ਦੌਰਾਨ 270 ਦੇ ਕਰੀਬ ਸਕੂਲ ਦੇ ਬੱਚਿਆਂ ਦੀ ਅੱਖਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਵਿਚੋਂ 30 ਦੇ ਕਰੀਬ ਬੱਚਿਆਂ ਨੂੰ ਅਗਲੇਰੀ ਜਾਂਚ ਲਈ ਹਸਪਤਾਲ ਵਿੱਚ ਬੁਲਾਇਆ ਗਿਆ ਹੈ। ਜਿਸ ਦੌਰਾਨ ਉਨ੍ਹਾਂ ਦੀ ਜਾਂਚ ਬਿਲਕੁਲ ਮੁਫ਼ਤ ਕੀਤੀ ਜਾਵੇਗੀ। ਜਾਂਚ ਉਪਰੰਤ ਲੋੜਵੰਦ ਬੱਚਿਆਂ ਨੂੰ ਐਨਕਾਂ ਵੀ ਟਰਸਟ ਅਤੇ ਕਲੱਬ ਵੱਲੋਂ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਕਲੱਬ ਦੇ ਰੀਜਨ ਚੇਅਰਪਰਸਨ ਐਮ.ਜੇ.ਐਫ. ਲਾਇਨ ਅਮਨਦੀਪ ਸਿੰਘ ਗੁਲਾਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਹਿਰ ਡਾਕਟਰਾਂ ਦੇ ਸਹਿਯੋਗ ਅਤੇ ਤਜਰਬੇ ਦਾ ਪੂਰਾ ਫਾਇਦਾ ਉਠਾਉਂਦਿਆਂ ਅੱਜ ਤਕਰੀਬਨ 270 ਦੇ ਕਰੀਬ ਸਕੂਲ ਦੇ ਬੱਚਿਆਂ ਅਤੇ ਸਟਾਫ ਮੈਂਬਰਾਂ ਨੇ ਅੱਖਾਂ ਦਾ ਚੈਕ-ਅੱਪ ਕਰਵਾਇਆ। ਇਸ ਸਕੂਲ ਵਿੱਚ ਲਗਭਗ 350 ਦੇ ਕਰੀਬ ਬੱਚੇ ਸਿੱਖਿਆ ਪ੍ਰਾਪਤ ਕਰ ਰਹੇ ਹਨ ਅਤੇ ਇਹ ਸਾਰੇ ਬੱਚੇ ਪੇਂਡੂ ਖੇਤਰਾਂ ਅਤੇ ਲੋੜਵੰਦ ਪਰਿਵਾਰਾਂ ਤੋਂ ਆਉਂਦੇ ਹਨ। ਇਸ ਮੌਕੇ ਜ਼ੋਨ ਚੇਅਰਪਰਸਨ ਲਾਇਨ ਤੇਜਿੰਦਰ ਕੌਰ, ਲਾਇਨ ਕੇ.ਐਸ. ਬੇਦੀ (ਚਾਰਟਰ ਮੈਂਬਰ ਅਤੇ ਡਿਪਟੀ ਮੇਅਰ, ਮੋਹਾਲੀ), ਲਾਇਨ ਐਨ.ਐਸ. ਦਾਲਮ, ਲਾਇਨ ਜਸਵਿੰਦਰ ਸਿੰਘ, ਲਾਇਨ ਆਈ.ਡੀ. ਸਿੰਘ, ਲਾਇਨ ਹਰਜੀਤ ਦੁੱਗਲ ਅਤੇ ਲਾਇਨਜ਼ ਕਲੱਬ ਦਿਸ਼ਾ ਵੱਲੋਂ ਲਾਇਨ ਜੋਗਿੰਦਰ ਕੌਰ, ਲਾਇਨ ਦਿਵਪ੍ਰੀਤ ਕੌਰ, ਲਿਓ ਗਗਨਦੀਪ ਸਿੰਘ, ਲਿਓ ਇਸ਼ਾਨ ਸਿੰਘ ਮੌਜੂਦ ਸਨ। ਸਕੂਲ ਵੱਲੋਂ ਪ੍ਰਿੰਸੀਪਲ ਰਾਜ ਕੌਸ਼ਲ ਅਤੇ ਉਹਨਾਂ ਦੇ ਸਟਾਫ ਵੱਲੋਂ ਇਸ ਉਪਰਾਲੇ ਵਿੱਚ ਭਰਪੂਰ ਸਹਿਯੋਗ ਦਿੱਤਾ ਗਿਆ ਅਤੇ ਉਹਨਾਂ ਵੱਲੋਂ ਕਲੱਬਜ਼ ਵੱਲੋਂ ਕੀਤੇ ਗਏ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ। ਲਾਇਨਜ਼ ਕਲੱਬ ਵੱਲੋਂ ਲਾਇਨ ਜਸਵਿੰਦਰ ਸਿੰਘ ਜੀ ਨੇ ਲਾਇਨਜ਼ ਕਲੱਬ ਦੇ ਮੈਂਬਰਾਂ, ਜੇ.ਪੀ. ਆਈ ਹਸਪਤਾਲ ਦੀ ਟੀਮ ਅਤੇ ਸੈਂਟ ਲੁਈਸ ਸਕੂਲ ਦੇ ਪ੍ਰਬੰਧਕਾਂ ਦਾ ਇਸ ਕੈਂਪ ਵਿੱਚ ਸਹਿਯੋਗ ਦੇਣ ਲਈ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।

ਸਾਈਕੋਨ 2026: ਚੈਸਟ ਇਮੇਜਿੰਗ ਅਤੇ ਇੰਟਰਵੈਂਸ਼ਨ ਬਾਰੇ ਰਾਸ਼ਟਰੀ ਕਾਨਫਰੰਸ ਪੀ.ਜੀ.ਆਈ. ਚੰਡੀਗੜ੍ਹ ਵਿਖੇ ਸ਼ੁਰੂ

ਚੰਡੀਗੜ੍ਹ, (ਪੈ.ਗਾਮ-ਏ-ਜਗਤ)



ਸੋਸਾਇਟੀ ਆਫ ਚੈਸਟ ਇਮੇਜਿੰਗ ਐਂਡ ਇੰਟਰਵੈਂਸ਼ਨ ਦੀ 8ਵੀਂ ਸਾਲਾਨਾ ਕਾਨਫਰੰਸ ਸਾਈਕੋਨ 2026, 20 ਤੋਂ 22 ਨਵੰਬਰ 2026 ਤੱਕ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਪੀ.ਜੀ.ਆਈ., ਚੰਡੀਗੜ੍ਹ ਵਿਖੇ ਕਰਵਾਈ ਜਾ ਰਹੀ ਹੈ। ਇਸ ਤਿੰਨ ਦਿਨਾਂ ਅਕਾਦਮਿਕ ਸਮਾਗਮ ਵਿੱਚ ਦੇਸ਼ ਭਰ ਦੇ ਪ੍ਰਮੁੱਖ ਰੇਡੀਓਲੋਜਿਸਟ, ਪਲਮੋਨੋਲੋਜਿਸਟ, ਥੋਰੈਸਿਕ ਸਰਜਨ, ਪੋਸਟ ਗ੍ਰੈਜੂਏਟ ਰੈਜ਼ੀਡੈਂਟ ਅਤੇ ਹੋਰ ਸਿਹਤ ਪੇਸ਼ੇਵਰ ਹਿੱਸਾ ਲੈ ਰਹੇ ਹਨ। ਅਮਰੀਕਾ ਅਤੇ ਕੈਨੇਡਾ ਤੋਂ ਕਈ ਅੰਤਰਰਾਸ਼ਟਰੀ ਫੈਕਲਟੀ ਮੈਂਬਰ ਵੀ ਕਾਨਫਰੰਸ ਵਿੱਚ ਸ਼ਾਮਲ ਹੋ ਰਹੇ ਹਨ।

ਕਾਨਫਰੰਸ ਦਾ ਉਦੇਸ਼ ਚੈਸਟ ਇਮੇਜਿੰਗ, ਥੋਰੈਸਿਕ ਇੰਟਰਵੈਂਸ਼ਨ ਅਤੇ ਸਬੰਧਤ ਕਲੀਨਿਕਲ ਵਿਸ਼ਿਆਂ ਵਿੱਚ ਨਵੀਨਤਮ ਤਰੱਕੀ ਬਾਰੇ ਅਕਾਦਮਿਕ ਆਦਾਨ-ਪ੍ਰਦਾਨ, ਗਿਆਨ ਸਾਂਝਾ ਕਰਨ ਅਤੇ ਚਰਚਾ ਲਈ ਇੱਕ ਵਿਆਪਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਇਹ ਵੱਖ-ਵੱਖ ਸੰਸਥਾਵਾਂ ਦੇ ਮਾਹਿਰਾਂ ਨੂੰ ਥੋਰੈਸਿਕ ਰੇਡੀਓਲੋਜੀ ਵਿੱਚ ਵਿਕਸਤ ਹੋ ਰਹੇ ਡਾਇਗਨੌਸਟਿਕ ਪਹੁੰਚ, ਉੱਭਰ ਰਹੀਆਂ ਤਕਨਾਲੋਜੀਆਂ ਅਤੇ ਮੌਜੂਦਾ ਕਲੀਨਿਕਲ ਅਭਿਆਸਾਂ 'ਤੇ ਚਰਚਾ ਕਰਨ ਲਈ ਇਕੱਠੇ ਕਰਦੀ ਹੈ।

ਕਾਨਫਰੰਸ ਦਾ ਆਯੋਜਨ ਪੀ.ਜੀ.ਆਈ., ਚੰਡੀਗੜ੍ਹ ਦੇ ਰੇਡੀਓਡਾਇਗਨੋਸਿਸ ਅਤੇ ਇਮੇਜਿੰਗ ਵਿਭਾਗ ਵੱਲੋਂ ਕੀਤਾ ਜਾ ਰਿਹਾ ਹੈ, ਜਿਸ ਦਾ ਉਦੇਸ਼ ਅਕਾਦਮਿਕ ਸ਼ਮੂਲੀਅਤ ਨੂੰ ਮਜ਼ਬੂਤ ਕਰਨਾ ਅਤੇ ਚੈਸਟ ਇਮੇਜਿੰਗ ਅਤੇ ਇੰਟਰਵੈਂਸ਼ਨ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨਾ ਹੈ। ਅਕਾਦਮਿਕ ਪ੍ਰੋਗਰਾਮ ਦੀ ਸ਼ੁਰੂਆਤ 20 ਨਵੰਬਰ 2026 ਨੂੰ ਇੰਟਰਸਟੀਸ਼ੀਅਲ ਲੰਗ ਡਿਜ਼ੀਜ਼ ਅਤੇ ਚੈਸਟ ਇੰਟਰਵੈਂਸ਼ਨ 'ਤੇ ਸਮਰਪਿਤ ਪ੍ਰੀ-ਕਾਨਫਰੰਸ ਵਰਕਸ਼ਾਪਾਂ ਨਾਲ ਹੋਈ। ਸਾਈਕੋਨ 2026 ਦੇ ਆਰਗੇਨਾਈਜ਼ਿੰਗ ਚੇਅਰਪਰਸਨ ਡਾ. ਮਨਦੀਪ ਗਰਗ ਨੇ ਕਿਹਾ ਕਿ ਪ੍ਰੀ-ਕਾਨਫਰੰਸ ਵਰਕਸ਼ਾਪਾਂ ਇੰਟਰਸਟੀਸ਼ੀਅਲ ਲੰਗ ਡਿਜ਼ੀਜ਼ ਦੇ ਨਿਦਾਨ, ਇਮੇਜਿੰਗ ਮੁਲਾਂਕਣ ਅਤੇ ਪ੍ਰਬੰਧਨ ਦੇ ਵਿਕਸਤ ਹੋ ਰਹੇ ਤਰੀਕਿਆਂ ਦੇ ਨਾਲ-ਨਾਲ ਇਮੇਜ-ਗਾਈਡਡ ਥੋਰੈਸਿਕ ਇੰਟਰਵੈਂਸ਼ਨ ਵਿੱਚ ਨਵੀਨਤਮ ਤਕਨੀਕਾਂ ਅਤੇ ਤਰੱਕੀ ਬਾਰੇ ਕੇਂਦਰਿਤ ਅਕਾਦਮਿਕ ਅਤੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਗੀਆਂ। 21 ਅਤੇ 22 ਨਵੰਬਰ 2026 ਨੂੰ ਮੁੱਖ ਕਾਨਫਰੰਸ ਵਿੱਚ ਥੋਰੈਸਿਕ ਇਮੇਜਿੰਗ, ਫੇਫੜਿਆਂ ਦੇ ਕੈਂਸਰ ਇਮੇਜਿੰਗ ਵਿੱਚ ਤਰੱਕੀ, ਇੰਟਰਸਟੀਸ਼ੀਅਲ ਲੰਗ ਡਿਜ਼ੀਜ਼, ਪਲਮੋਨਰੀ ਇਨਫੈਕਸ਼ਨ, ਪਲਮੋਨਰੀ ਵੈਸਕੁਲਰ ਇਮੇਜਿੰਗ, ਓਨਕੋਲੋਜੀਕਲ ਇਮੇਜਿੰਗ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਇਮੇਜ-ਗਾਈਡਡ ਥੋਰੈਸਿਕ ਇੰਟਰਵੈਂਸ਼ਨ ਸਮੇਤ ਕਈ ਵਿਸ਼ਿਆਂ ਨੂੰ ਕਵਰ ਕੀਤਾ ਜਾਵੇਗਾ। ਸੋਸਾਇਟੀ ਆਫ ਚੈਸਟ ਇਮੇਜਿੰਗ ਐਂਡ ਇੰਟਰਵੈਂਸ਼ਨ ਦੀ ਪ੍ਰਧਾਨ ਡਾ. ਰਵਿੰਦਰ ਕੌਰ ਨੇ ਸਿੱਖਿਆ, ਖੋਜ ਅਤੇ ਅਕਾਦਮਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ, ਛਾਤੀ ਦੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਦੇਸ਼ ਭਰ ਵਿੱਚ ਚੈਸਟ ਇਮੇਜਿੰਗ ਅਤੇ ਥੋਰੈਸਿਕ ਇੰਟਰਵੈਂਸ਼ਨ ਦੇ ਅਭਿਆਸ ਨੂੰ ਮਾਨਕੀਕ੍ਰਿਤ ਅਤੇ ਬਿਹਤਰ ਬਣਾਉਣ ਲਈ ਸਬੂਤ-ਅਧਾਰਤ ਦਿਸ਼ਾ-ਨਿਰਦੇਸ਼ ਅਤੇ ਸਿਫਾਰਸ਼ਾਂ ਤਿਆਰ ਕਰਨ ਵਿੱਚ ਸੋਸਾਇਟੀ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ।

ਸਾਈਕੋਨ 2026 ਦੀ ਆਰਗੇਨਾਈਜ਼ਿੰਗ ਸਕੱਤਰ ਡਾ. ਉਮਾ ਦੇਬੀ ਹਨ, ਡਾ. ਅਨਮੋਲ ਭਾਟੀਆ ਕਾਨਫਰੰਸ ਦੇ ਖਜ਼ਾਨਚੀ ਹਨ, ਜਦਕਿ ਡਾ. ਨਿਧੀ ਪ੍ਰਭਾਕਰ, ਡਾ. ਹਰੀਸ਼ ਭੁਜਾਡੇ ਅਤੇ ਡਾ. ਰਘੁਰਮਨ ਐਸ. ਸੰਯੁਕਤ ਆਰਗੇਨਾਈਜ਼ਿੰਗ ਸਕੱਤਰ ਹਨ।

ਪੰਜਾਬੀ ਮਾਹ ਨੂੰ ਸਮਰਪਿਤ ਬੱਬਰ ਅਕਾਲੀ ਅਤੇ ਆਦਿ ਧਰਮ ਲਹਿਰ ਦੀ ਸ਼ਤਾਬਦੀ ਮੌਕੇ ਸੈਮੀਨਾਰ ਕਰਵਾਇਆ

ਹੁਸ਼ਿਆਰਪੁਰ, 20 ਨਵੰਬਰ
(ਪੈ.ਗਾਮ-ਏ-ਜਗਤ)

- **ਭਾਸ਼ਾ ਵਿਭਾਗ ਨੇ ਵਿਦਿਆਰਥੀਆਂ ਨੂੰ ਇਤਿਹਾਸਕ ਲਹਿਰਾਂ ਦੇ ਯੋਗਦਾਨ ਤੋਂ ਜਾਣੂ ਕਰਵਾਇਆ**



ਪੰਜਾਬੀ ਮਾਹ ਨੂੰ ਸਮਰਪਿਤ ਪੰਜਾਬ ਸਰਕਾਰ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਦੀ ਸੂਰਾ ਸਿੰਘ ਵਿਖੇ 'ਬੱਬਰ ਅਕਾਲੀ ਲਹਿਰ ਅਤੇ ਆਦਿ ਧਰਮ ਲਹਿਰ ਦੀ ਸ਼ਤਾਬਦੀ' ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਓ.ਐੱਸ.ਡੀ. ਸ. ਚਰਨਜੀਤ ਸਿੰਘ ਚੰਨੀ ਨੇ

ਰਾਮਗੜ੍ਹੀਆ ਸਮਾਜ ਦੇ 13 ਪ੍ਰਮੁੱਖ ਉਦਯੋਗਪਤੀਆਂ ਨੂੰ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੀਤਾ ਸਨਮਾਨਿਤ

- ਰਾਮਗੜ੍ਹੀਆ ਭਵਨ ਵਿੱਚ ਆਯੋਜਿਤ ਮੀਟ ਐਂਡ ਗ੍ਰੀਟ ਪ੍ਰੋਗਰਾਮ ਵਿੱਚ ਉਦਯੋਗ
- ਸਮਾਜ ਅਤੇ ਭਾਈਚਾਰੇ ਦੇ ਵਿਕਾਸ 'ਤੇ ਹੋਈ ਚਰਚਾ; ਉਦਯੋਗਪਤੀਆਂ ਨੇ ਰੱਖੇ ਆਪਣੇ ਵਿਚਾਰ ਅਤੇ ਸੁਝਾਅ

ਪੈ.ਗਾਮ-ਏ-ਜਗਤ
ਚੰਡੀਗੜ੍ਹ (ਹਰਮਿੰਦਰ ਨਾਗਪਾਲ)

ਰਾਮਗੜ੍ਹੀਆ ਸਭਾ ਚੰਡੀਗੜ੍ਹ ਵੱਲੋਂ ਸ਼ੁੱਕਰਵਾਰ ਨੂੰ ਸੈਕਟਰ-27 ਸਥਿਤ ਰਾਮਗੜ੍ਹੀਆ ਭਵਨ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਮੀਟ ਐਂਡ ਗ੍ਰੀਟ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਪਹੁੰਚੇ ਰਾਮਗੜ੍ਹੀਆ ਸਮਾਜ ਦੇ ਪ੍ਰਮੁੱਖ ਉਦਯੋਗਪਤੀਆਂ ਅਤੇ ਪਤਵੰਤੇ ਸੱਜਣਾਂ ਨੂੰ ਉਨ੍ਹਾਂ ਦੇ ਉਦਯੋਗਿਕ ਯੋਗਦਾਨ ਅਤੇ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ।



ਪ੍ਰੋਗਰਾਮ ਦੀ ਸ਼ੁਰੂਆਤ ਡਾ. ਹਰਚਰਨ ਸਿੰਘ ਰਣੌਤਾ ਨੇ ਸਵਾਗਤੀ ਸੰਬੋਧਨ ਨਾਲ ਕੀਤੀ। ਇਸ ਤੋਂ ਬਾਅਦ ਪ੍ਰਧਾਨ ਮਨਵਿੰਦਰ ਸਿੰਘ ਰਣੌਤਾ ਨੇ ਰਾਮਗੜ੍ਹੀਆ ਸਭਾ ਚੰਡੀਗੜ੍ਹ ਦੇ ਇਤਿਹਾਸ, ਸਮਾਜਿਕ ਗਤੀਵਿਧੀਆਂ, ਭਾਈਚਾਰਕ ਪਹਿਲਕਦਮੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ 13 ਪ੍ਰਤਿਸ਼ਠਿਤ ਉਦਯੋਗਪਤੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਸਨਮਾਨਿਤ ਹੋਣ ਵਾਲਿਆਂ ਵਿੱਚ ਹਰੀ ਸਿੰਘ ਭਾਮਰਾ (ਪ੍ਰੀਤ ਟਰੈਕਟਰਜ਼, ਨਾਭਾ), ਸਤਵਿੰਦਰ ਸਿੰਘ ਭਾਮਰਾ (ਜੇ.ਐੱਲ.ਪੀ.ਐੱਲ., ਮੋਹਾਲੀ), ਬਰਿੰਦਰ ਕਲਸੀ (ਕਲਸੀ ਪੰਪਸ, ਜਲੰਧਰ), ਇੰਦਰਜੀਤ ਸਿੰਘ ਸੋਹਲ (ਹੈਰੀਸਨ ਉਦਯੋਗ, ਲੁਧਿਆਣਾ), ਜਗਜੀਤ ਸਿੰਘ ਪਨੇਸਰ (ਪਨੇਸਰ ਕੰਬਾਈਨ, ਬਰਨਾਲਾ), ਇੰਦਰਜੀਤ ਸਿੰਘ ਮੁੰਡੇ (ਕੇ.ਐੱਸ. ਐਗਰੋ ਇੰਡਸਟਰੀਜ਼, ਮਾਲੇਰਕੋਟਲਾ), ਅਮਰ ਸਿੰਘ ਮਥਾੜੂ (ਦਸ਼ਮੇਸ਼ ਐਗਰੋ ਟੈਕ, ਮਾਲੇਰਕੋਟਲਾ), ਚਰਨ ਸਿੰਘ ਰਹਿਲਣ (ਮਲਕੀਅਤ ਕੰਬਾਈਨ, ਨਾਭਾ), ਮਨਪ੍ਰੀਤ ਸਿੰਘ ਲੋਟੇ (ਕਰਤਾਰ ਕੰਬਾਈਨ, ਭਾਦਸੋਂ), ਸੁਰਜੀਤ ਸਿੰਘ ਚੱਗੜ ਅਤੇ ਮਨਮੋਹਨ ਸਿੰਘ ਚੱਗੜ (ਕ੍ਰਿਸਟਲ ਸਵਿੱਚਗੀਅਰਜ਼, ਲੁਧਿਆਣਾ), ਭੁਪਿੰਦਰ ਸਿੰਘ ਊਭੀ (ਰਾਮਗੜ੍ਹੀਆ ਦਰਪਣ ਦੇ ਸੰਪਾਦਕ ਅਤੇ ਰਾਮਗੜ੍ਹੀਆ ਵੈਲਫੇਅਰ ਨਾਲ ਜੁੜੇ) ਅਤੇ ਸਤਪਾਲ ਸਿੰਘ ਸੋਥੀ (ਪੰਜਾਬ ਸਰਕਾਰ ਦੇ ਰਾਮਗੜ੍ਹੀਆ ਵੈਲਫੇਅਰ ਬੋਰਡ ਦੇ ਸਟੇਟ ਚੇਅਰਮੈਨ) ਸ਼ਾਮਲ ਰਹੇ।

ਪ੍ਰੋਗਰਾਮ ਦੌਰਾਨ ਉਦਯੋਗਪਤੀਆਂ, ਸਮਾਜ ਦੇ ਪ੍ਰਤੀਨਿਧਾਂ ਅਤੇ ਹੋਰ ਪਤਵੰਤਿਆਂ ਵਿਚਕਾਰ ਖੁੱਲ੍ਹੀ ਚਰਚਾ ਵੀ ਹੋਈ। ਇਸ ਵਿੱਚ ਉਦਯੋਗਿਕ ਵਿਕਾਸ, ਸਮਾਜਿਕ ਭਲਾਈ ਅਤੇ ਭਾਈਚਾਰੇ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ ਗਿਆ।

ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਸਮਾਜ ਦੀ ਭਲਾਈ, ਵਿਕਾਸ ਅਤੇ ਆਪਸੀ ਸਹਿਯੋਗ ਨਾਲ ਜੁੜੇ ਵਿਸ਼ਿਆਂ 'ਤੇ ਵਿਚਾਰ ਰੱਖੇ। ਅੰਤ ਵਿੱਚ ਡਾ. ਹਰਚਰਨ ਸਿੰਘ ਰਣੌਤਾ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦਾ ਸਮਾਪਨ ਰਾਤ ਦੇ ਖਾਣੇ ਅਤੇ ਆਪਸੀ ਮੇਲ-ਮਿਲਾਪ ਲਈ ਗੱਲਬਾਤ ਨਾਲ ਹੋਇਆ।

ਨਹੀਂ ਰਹੇ ਹਰਿਆਣਾ ਕਾਂਗਰਸ ਦੇ ਥੰਮ੍ਹ ਚੌਧਰੀ ਫੂਲ ਚੰਦ ਮੁਲਾਣਾ

ਪੈ.ਗਾਮ-ਏ-ਜਗਤ
ਅੰਬਾਲਾ, 20 ਨਵੰਬਰ (ਆਰ.ਸਿੰਘ)

ਹਰਿਆਣਾ ਕਾਂਗਰਸ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਕੈਬਨਿਟ ਮੰਤਰੀ ਚੌਧਰੀ ਫੂਲ ਚੰਦ ਮੁਲਾਣਾ ਦਾ ਅੱਜ ਸਵੇਰੇ ਦੇਹਾਂਤ ਹੋ ਗਿਆ। ਉਹ 85 ਸਾਲ ਦੇ ਸਨ ਅਤੇ ਲੰਬੇ ਸਮੇਂ ਤੋਂ ਗੁਰਦੇ ਦੀ ਬਿਮਾਰੀ ਤੋਂ ਪੀੜਤ ਸਨ। ਉਨ੍ਹਾਂ ਦਾ ਮੁਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਸੀ। ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਉਹ ਪੰਚਕੂਲਾ ਸਥਿਤ ਆਪਣੀ ਰਿਹਾਇਸ਼ 'ਤੇ ਅਰਾਮ ਕਰ ਰਹੇ ਸਨ। ਉਨ੍ਹਾਂ ਦੇ ਅੰਬਾਲਾ ਤੋਂ ਲੋਕ ਸਭਾ ਮੈਂਬਰ ਬੇਟੇ ਵਰੁਣ ਚੌਧਰੀ ਨੇ ਸੋਸ਼ਲ ਮੀਡੀਆ ਤੇ ਜਾਣਕਾਰੀ ਦਿੱਤੀ ਕਿ ਅੱਜ ਸਵੇਰੇ ਅਚਾਨਕ ਮੁਲਾਣਾ ਸਾਹਿਬ ਦੀ ਸਿਹਤ ਵਿਗੜ ਗਈ ਅਤੇ ਉਨ੍ਹਾਂ ਨੂੰ ਵਾਪਸ ਹਸਪਤਾਲ ਲਿਜਾਇਆ ਗਿਆ ਜਿੱਥੇ ਸਵੇਰੇ 9 ਵਜੇ ਦੇ ਕਰੀਬ ਉਨ੍ਹਾਂ ਨੇ ਆਖ਼ਰੀ ਸਾਹ ਲਿਆ।

ਮੁਲਾਣਾ ਸਾਹਿਬ ਦੀ ਮੌਤ ਨਾਲ ਹਰਿਆਣਾ ਦੀ ਰਾਜਨੀਤੀ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ ਸਵੇਰੇ 11 ਵਜੇ ਅੰਬਾਲਾ ਸ਼ਹਿਰ ਦੇ ਰਾਮਬਾਗ ਵਿੱਚ ਕੀਤਾ ਜਾਵੇਗਾ। ਉਨ੍ਹਾਂ ਦੀ ਦੇਹ ਅੱਜ ਸੈਕਟਰ 7 ਸਥਿਤ ਉਨ੍ਹਾਂ ਦੀ ਰਿਹਾਇਸ਼ 'ਤੇ ਲਿਆਂਦੀ ਗਈ।

ਚੌਧਰੀ ਫੂਲ ਚੰਦ ਮੁਲਾਣਾ ਹਰਿਆਣਾ ਕਾਂਗਰਸ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਸੂਬਾ ਪ੍ਰਧਾਨਾਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਅਗਸਤ 2007 ਤੋਂ ਫਰਵਰੀ 2014 ਤੱਕ ਲਗਭਗ ਸਾਢੇ ਛੇ ਸਾਲ ਸੂਬਾ ਕਾਂਗਰਸ ਦੀ ਅਗਵਾਈ ਕੀਤੀ। ਉਨ੍ਹਾਂ ਦੇ ਕਾਰਜਕਾਲ ਦੌਰਾਨ, 2009 ਦੀਆਂ ਵਿਧਾਨ ਸਭਾ ਚੋਣਾਂ ਹੋਈਆਂ ਜਿਸ ਵਿੱਚ ਕਾਂਗਰਸ ਨੇ ਭੁਪਿੰਦਰ ਸਿੰਘ ਹੁੱਡਾ ਦੀ ਅਗਵਾਈ ਹੇਠ ਲਗਾਤਾਰ ਦੂਜੀ ਵਾਰ ਸਰਕਾਰ ਬਣਾਈ। ਫਰਵਰੀ 2014 ਵਿੱਚ ਅਸ਼ੋਕ ਤੰਵਰ ਨੂੰ ਉਨ੍ਹਾਂ ਦੀ ਥਾਂ ਸੂਬਾ ਪ੍ਰਧਾਨ ਬਣਾਇਆ।



ਚੌਧਰੀ ਫੂਲ ਚੰਦ ਮੁਲਾਣਾ ਦਾ ਜਨਮ 6 ਅਪ੍ਰੈਲ, 1941 ਨੂੰ ਹੋਇਆ ਸੀ। ਕਲਾ ਫੈਕਲਟੀ ਤੋਂ ਗ੍ਰੈਜੂਏਟ ਹੋਣ ਤੋਂ ਬਾਅਦ ਉਨ੍ਹਾਂ ਨੇ ਆਪਣੀ ਐਲਐਲਬੀ ਪੂਰੀ ਕੀਤੀ ਅਤੇ ਕਾਨੂੰਨ ਦਾ ਅਭਿਆਸ ਸ਼ੁਰੂ ਕੀਤਾ। ਉਹ ਗਿਆਨੀ ਪਾਸ ਵੀ ਸਨ। ਰਾਜਨੀਤੀ ਵਿੱਚ ਦਾਖਲ ਹੋ ਕੇ ਉਨ੍ਹਾਂ ਨੇ 1972 ਵਿੱਚ ਕਾਂਗਰਸ ਦੀ ਟਿਕਟ 'ਤੇ ਮੁਲਾਣਾ ਵਿਧਾਨ ਸਭਾ ਹਲਕੇ ਤੋਂ ਆਪਣੀ ਪਹਿਲੀ ਚੋਣ ਲੜੀ, ਜਿੱਤੀ ਅਤੇ ਵਿਧਾਇਕ ਬਣੇ। ਉਨ੍ਹਾਂ ਨੂੰ 1977 ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ। 1982 ਵਿੱਚ ਉਹ ਕਾਂਗਰਸ ਤੋਂ ਵੱਖ ਹੋ ਗਏ ਅਤੇ ਆਜ਼ਾਦ ਉਮੀਦਵਾਰ ਵਜੋਂ ਚੋਣ ਲੜੀ ਤੇ ਜਿੱਤ ਗਏ। 1987 ਵਿੱਚ ਹਾਰਨ ਤੋਂ ਬਾਅਦ ਉਹ 1991 ਵਿੱਚ ਕਾਂਗਰਸ ਦੀ ਟਿਕਟ 'ਤੇ ਤੀਜੀ ਵਾਰ ਵਿਧਾਇਕ ਬਣੇ। 1996 ਅਤੇ 2000 ਵਿੱਚ ਉਨ੍ਹਾਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਪਰ 2005 ਵਿੱਚ ਮੁਲਾਣਾ ਸੀਟ ਤੋਂ ਚੌਥੀ ਵਾਰ ਚੁਣੇ ਗਏ। ਇਸ ਤੋਂ ਬਾਅਦ ਉਨ੍ਹਾਂ ਨੂੰ ਭੁਪਿੰਦਰ ਸਿੰਘ ਹੁੱਡਾ ਸਰਕਾਰ ਵਿੱਚ ਕੈਬਨਿਟ ਮੰਤਰੀ ਨਿਯੁਕਤ ਕੀਤਾ ਗਿਆ। ਉਨ੍ਹਾਂ ਦਾ ਪੁੱਤਰ ਵਰੁਣ ਚੌਧਰੀ ਅਤੇ ਨੂੰਹ ਪੂਜਾ ਚੌਧਰੀ ਮੁਲਾਣਾ ਸਾਹਿਬ ਦੀ ਰਾਜਨੀਤਿਕ ਵਿਰਾਸਤ ਨੂੰ ਅੱਗੇ ਵਧਾ ਰਹੇ ਹਨ। ਵਰੁਣ ਚੌਧਰੀ ਇਸ ਸਮੇਂ ਅੰਬਾਲਾ ਤੋਂ ਕਾਂਗਰਸ ਦਾ ਸੰਸਦ ਮੈਂਬਰ ਹੈ ਜਦੋਂ ਕਿ ਨੂੰਹ ਪੂਜਾ ਚੌਧਰੀ ਮੁਲਾਣਾ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਹੈ।

ਵਰੁਣ ਚੌਧਰੀ ਨੇ ਆਪਣੇ ਪਿਤਾ ਦੇ ਦੇਹਾਂਤ ਦੀ ਖ਼ਬਰ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਸਾਂਝੀ ਕੀਤੀ। ਵਰੁਣ ਨੇ 2019 ਵਿੱਚ ਮੁਲਾਣਾ ਵਿਧਾਨ ਸਭਾ ਸੀਟ ਜਿੱਤੀ ਸੀ। 2024 ਵਿੱਚ ਕਾਂਗਰਸ ਨੇ ਉਨ੍ਹਾਂ ਨੂੰ ਅੰਬਾਲਾ ਲੋਕ ਸਭਾ ਸੀਟ ਤੋਂ ਮੈਦਾਨ ਵਿੱਚ ਉਤਾਰਿਆ ਜਿੱਥੇ ਉਨ੍ਹਾਂ ਨੇ ਜਿੱਤ ਪ੍ਰਾਪਤ ਕੀਤੀ। ਇਸ ਤੋਂ ਬਾਅਦ ਜਦੋਂ ਮੁਲਾਣਾ ਵਿਧਾਨ ਸਭਾ ਸੀਟ ਖ਼ਾਲੀ ਹੋ ਗਈ ਤਾਂ ਕਾਂਗਰਸ ਨੇ ਉਨ੍ਹਾਂ ਦੀ ਪਤਨੀ ਪੂਜਾ ਚੌਧਰੀ ਨੂੰ ਆਪਣਾ ਉਮੀਦਵਾਰ ਨਾਮਜ਼ਦ ਕੀਤਾ। ਪੂਜਾ ਚੌਧਰੀ ਨੇ ਵੀ 70989 ਵੋਟਾਂ ਨਾਲ ਜਿੱਤ ਪ੍ਰਾਪਤ ਕੀਤੀ, ਪਰਿਵਾਰ ਦੀ ਰਾਜਨੀਤਿਕ ਵਿਰਾਸਤ ਨੂੰ ਅੱਗੇ ਵਧਾਉਂਦੇ ਹੋਏ। ਚੌਧਰੀ ਫੂਲ ਚੰਦ ਮੁਲਾਣਾ ਦੀ ਮੌਤ ਨੂੰ ਹਰਿਆਣਾ ਕਾਂਗਰਸ ਲਈ ਇੱਕ ਵੱਡਾ ਰਾਜਨੀਤਿਕ ਨੁਕਸਾਨ ਮੰਨਿਆ ਜਾ ਰਿਹਾ ਹੈ।

ਪਿੰਡ ਨਰੂੜ ਦੇ ਗੁਰੂ ਨਾਨਕ ਚੈਰੀਟੇਬਲ ਹਸਪਤਾਲ ਦੇ ਨਕਸ਼ਾਂ ਬਨਾਉਣ ਲਈ ਮੀਟਿੰਗ ਕੀਤੀ ਗਈ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।



ਸੰਸਥਾ ਵਲੋਂ ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਗੁਰੂ ਸਾਹਿਬ ਜੀ ਦੀ ਅਪਾਰ ਮੇਹਰ ਸਦਕਾ ਇਲਾਕਾ ਨਿਵਾਸੀ ਅਤੇ NRI ਸੰਗਤਾਂ ਦੇ ਸਹਿਯੋਗ ਨਾਲ ਸੰਸਥਾ ਵਲੋਂ ਗੁਰੂ ਨਾਨਕ ਚੈਰੀਟੇਬਲ ਹਸਪਤਾਲ ਲਈ ਪਿੰਡ ਨਰੂੜ ਵਿਖੇ 4.5 ਕਨਾਲ ਜ਼ਮੀਨ ਲਈ ਗਈ ਹੈ। ਹਸਪਤਾਲ ਦਾ ਨਕਸ਼ਾ ਤਿਆਰ ਕਰਾਉਣ ਵਾਸਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਸੰਸਥਾ ਦੇ ਮੈਂਬਰਾਂ ਦੀ ਮੀਟਿੰਗ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਦੀ ਅਗਵਾਈ ਹੇਠ ਹੋਈ। ਸਾਰੇ ਮੈਂਬਰਾਂ ਦੀ ਸਰਬਸੰਮਤੀ ਨਾਲ ਹਸਪਤਾਲ ਦਾ ਨਕਸ਼ਾ ਤਿਆਰ ਦਾ ਮਤਾ ਪਾਸ ਕੀਤਾ ਗਿਆ। ਬਹੁਤ ਜਲਦ ਹਸਪਤਾਲ ਦਾ ਨਕਸ਼ਾ ਸੰਗਤਾਂ ਦੀ ਕਚਹਿਰੀ ਵਿੱਚ ਰੱਖਿਆ ਜਾਵੇਗਾ। ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਉਂਕਾਰ ਸਿੰਘ ਖਾਲਸਾ ਨਰੂੜ, ਸੁਰਿੰਦਰ ਪਾਲ ਸਿੰਘ ,ਡਾ.ਤਰਸੇਮ ਸਿੰਘ ,ਡਾ.ਰਾਜ ਕੁਮਾਰ ਪਾਸ਼ਟਾਂ,ਡਾ.ਸਤਨਾਮ ਸਿੰਘ ਖਾਲਸਾ,ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ,ਪ੍ਰੀਆ ਨਰੂੜ, ਸੰਦੀਪ ਕੌਰ, ਰਜਨੀਸ਼ ਬਾਲਾ ਨਰੂੜ, ਜਰਨੈਲ ਸਿੰਘ ਅਜਨੋਹਾ, ਸੁਮੀਤਪਾਲ ਸਿੰਘ, ਗੁਰਜੀਤ ਸਿੰਘ ਸੋਨੂੰ USA, ਮਨਪ੍ਰੀਤ ਸਿੰਘ ਅਜਨੋਹਾ, ਕਮਲਜੀਤ ਸਿੰਘ ਰਾਣਾ ਖਾਲਸਾ,ਲੰਬਰਦਾਰ ਪਰਮਜੀਤ ਸਿੰਘ ਜਲਵੇਹੜਾ, ਬਰਿੰਦਰ ਸਿੰਘ ਬਿੰਦਰ ਪੰਜੌੜਾ,ਹਰਦੀਪ ਸਿੰਘ ਨਸੀਰਾਬਾਦ, ਸੁਖਵਿੰਦਰ ਸਿੰਘ, ਜਸਪਾਲ ਸਿੰਘ ਨਰੂੜ,ਜੋਗਾ ਸਿੰਘ ਅਜਨੋਹਾ,ਹਰਦੀਪ ਸਿੰਘ ਨਸੀਰਾਬਾਦ, ਬਰਿੰਦਰ ਸਿੰਘ ਬਿੰਦਰ ਪੰਜੌੜਾ, ਜਰਨੈਲ ਸਿੰਘ ਅਜਨੋਹਾ,ਸਤਵੰਤ ਕੌਰ ਆਦਿ ਹਾਜ਼ਰ ਸਨ।

ਕਈ ਤਰ੍ਹਾਂ ਦੇ ਲੱਗ ਰਹੇ ਦੋਸ਼ ਪਰ ਜਾਂਚ ਹੀ ਦੱਸੇਗੀ ਪੁਲ ਦੇ ਢਹਿ ਢੇਰੀ ਹੋਣ ਦਾ ਕਾਰਨ

ਪੈ.ਗਾਮ-ਏ-ਜਗਤ/ਪਟਿਆਲਾ
20 ਨਵੰਬਰ (ਪਰਮਜੀਤ ਸਿੰਘ ਪਰਵਾਨਾ)

ਪਟਿਆਲਾ ਨੇੜੇ ਪਟਿਆਲਾ-ਬਠਿੰਡਾ ਕੌਮੀ ਸ਼ਾਹਰਾਹ (ਐਨ ਐਚ-7) 'ਤੇ ਭਾਖੜਾ ਨਹਿਰ 'ਤੇ ਬਣੇ 60 ਮੀਟਰ ਲੰਬੇ ਸਟੀਲ ਟਰਸ ਪੁਲ ਦੇ ਅਚਾਨਕ ਢਹਿ ਜਾਣ ਨਾਲ ਜਾਨੀ ਨੁਕਸਾਨ ਤਾਂ ਭਾਵੇਂ ਕੋਈ ਨਹੀਂ ਹੋਇਆ ਪਰ ਓਵਰਲੋਡਿੰਗ ਦੇ ਮੁੱਦੇ ਦੇ ਨਾਲ ਨਾਲ, ਪੁਲ ਦੇ ਲੋਹੇ ਦੇ ਢਾਂਚੇ ਵਿੱਚ ਖੋਰ, ਰੱਖ-ਰਖਾਅ ਦੀ ਘਾਟ ਅਤੇ ਨਿਰਮਾਣ ਸਮੱਗਰੀ ਦੀ ਕੁਆਲਟੀ ਨੂੰ ਲੈ ਕੇ ਸਵਾਲ ਖੜ੍ਹੇ ਹੋ ਰਹੇ ਹਨ। ਭਾਵੇਂ ਇਨ੍ਹਾਂ ਸਵਾਲਾਂ ਦੇ ਜਵਾਬ ਤਾਂ ਜਾਂਚ ਤੋਂ ਬਾਅਦ ਹੀ ਸਾਹਮਣੇ ਆ ਸਕਦੇ ਹਨ ਪਰ ਚਰਚਾ ਕਾਇਮ ਹੈ।





ਪੁਲ ਦੇ ਨਟ ਅਤੇ ਬੋਲਟ ਨਸ਼ੇੜੀਆਂ ਵੱਲੋਂ ਕਥਿਤ ਤੌਰ 'ਤੇ ਚੋਰੀ ਕਰਨ ਦੀਆਂ ਗੱਲਾਂ ਵੀ ਕੀਤੀਆਂ ਜਾ ਰਹੀਆਂ ਹਨ ਪਰ ਪੁਲ ਦੇ ਢਾਂਚਾਗਤ ਮਾਹਿਰ ਇਸਨੂੰ ਤਕਨੀਕੀ ਤੌਰ 'ਤੇ ਅਸੰਭਵ ਮੰਨਦੇ ਹਨ। ਮਾਹਿਰ, ਲਗਭਗ 10 ਸਾਲ ਪਹਿਲਾਂ ਬਣੇ ਇਸ ਪੁਲ ਦੇ ਢਹਿ ਢੇਰੀ ਹੋ ਜਾਣ ਦੇ ਜੋ ਕਾਰਨ ਦੱਸਦੇ ਹਨ, ਉਨ੍ਹਾਂ ਵਿੱਚ ਓਵਰਲੋਡਿੰਗ ਵੀ ਸ਼ਾਮਲ ਹੈ। ਹਾਦਸੇ ਸਮੇਂ ਰੇਤ ਨਾਲ ਪੂਰੀ ਤਰ੍ਹਾਂ ਭਰੇ ਭਰੇ ਦੋ ਟਰੱਕ ਪੁਲ ਪਾਰ ਕਰ ਰਹੇ ਸਨ। ਹਾਦਸੇ ਤੋਂ ਬਾਅਦ ਡਿਪਟੀ ਕਮਿਸ਼ਨਰ ਪਟਿਆਲਾ ਹਿਮਾਂਸ਼ੂ ਜੈਨ ਹਾਦਸੇ ਵਾਲੇ ਸਥਾਨ 'ਤੇ ਪਹੁੰਚੇ ਸਨ। ਉਨ੍ਹਾਂ ਦੱਸਿਆ ਕਿ ਹਾਦਸੇ ਦੀ ਮੈਜਿਸਟ੍ਰੇਟੀ ਜਾਂਚ ਦੇ ਹੁਕਮ ਦਿੱਤੇ ਗਏ ਹਨ। ਉਨ੍ਹਾਂ ਕੌਮੀ ਸ਼ਾਹਰਾਹ ਅਥਾਰਟੀ ਆਫ਼ ਇੰਡੀਆ ਦੇ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ। ਐਨ ਐਚ ਏ ਆਈ ਕਰਮਚਾਰੀਆਂ ਦੇ ਅਨੁਸਾਰ, ਹਾਦਸੇ ਦੇ ਸਮੇਂ ਰੇਤ ਲੈ ਕੇ ਜਾ ਰਹੇ ਦੋ ਓਵਰਲੋਡ ਟਰੱਕ ਪੁਲ ਪਾਰ ਕਰ ਰਹੇ ਸਨ। ਇਹ ਸ਼ੱਕ ਵੀ ਹੈ ਕਿ ਪੁਲ ਦਾ ਢਾਂਚਾ ਇੱਕੋ ਸਮੇਂ ਭਾਰੀ ਭਾਰ ਦੇ ਦਬਾਅ ਨੂੰ ਸਹਿਣ ਨਹੀਂ ਕਰ ਸਕਿਆ। ਇਸਦੀ ਪੁਸ਼ਟੀ ਤਾਂ ਤਕਨੀਕੀ ਜਾਂਚ ਤੋਂ ਬਾਅਦ ਹੀ ਹੋ ਸਕਦੀ ਹੈ। ਇਹ ਵੀ ਵੇਖਿਆ ਗਿਆ ਹੈ ਕਿ ਪੁਲ ਦੇ ਸਟੀਲ ਢਾਂਚੇ 'ਤੇ ਕਈ ਥਾਵਾਂ 'ਤੇ ਜੰਗਾਲ ਸੀ। ਪੁਲ ਦੇ ਰੱਖ ਰਖਾਵ 'ਤੇ ਵੀ ਸਵਾਲ ਉੱਠ ਰਹੇ ਹਨ। ਪੁਲ ਦੇ ਬੇਅਰਿੰਗ ਥੰਮ੍ਹਾਂ ਰਾਹੀਂ ਢਾਂਚੇ ਤੋਂ ਭਾਰ ਨੂੰ ਜ਼ਮੀਨ 'ਤੇ ਟ੍ਰਾਂਸਫਰ ਕਰਦੇ ਹਨ। ਜੇਕਰ ਉਨ੍ਹਾਂ